




ਈ-ਪੇਪਰ

ਸਾਲ : 9

ਮੁੱਲ : 4/- ਰੁ:

ਲੁਧਿਆਣਾ ਪੰਜਾਬ

ਬੁੱਧਵਾਰ, 30 ਸਤੰਬਰ, 2026

ਅਖਬਾਰ

ਭਾਸ਼ਾ : ਪੰਜਾਬੀ/ਹਿੰਦੀ

RNI.No./PUNBIL/2017/74549

# ਚੈਕ ਪੋਸਟ




ਸੰਪਾਦਕ : ਰਣਜੀਤ ਕੁਮਾਰ । ਮੋ: 9914310950 । E-Mail:checkpostpunjab@gmail.com । Website : www.checkpostnews.com


## ਪੰਡਿਤ ਧੀਰੇਂਦਰ ਸ਼ਾਸਤਰੀ ਦੇ ਬਿਆਨਾਂ 'ਤੇ ਭੜਕੇ ਸ਼ਾਹੀ ਇਮਾਮ

### • ਮਾਫ਼ੀ ਨਾ ਮੰਗਣ ਤੇ ਕੇਸ ਕਰਨ ਦੀ ਦਿੱਤੀ ਚੇਤਵਾਨੀ

**(ਸਰਬਜੀਤ ਸਿੰਘ ਸੋਨੀ) ਲੁਧਿਆਣਾ।** ਬਾਗੇਸ਼ਵਰ ਧਾਮ ਦੇ ਮੁੱਖ ਪੁਜਾਰੀ ਪੰਡਿਤ ਧੀਰੇਂਦਰ ਸ਼ਾਸਤਰੀ ਵੱਲੋਂ ਕਥਾ ਦੌਰਾਨ ਕੀਤੀਆਂ ਕੁਝ ਟਿੱਪਣੀਆਂ ਨੇ ਵਿਵਾਦ ਛੇੜ ਦਿੱਤਾ ਹੈ। ਪੰਜਾਬ ਦੇ ਸ਼ਾਹੀ ਇਮਾਮ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਅਤੇ ਪੰਜਾਬ 'ਚ ਕ੍ਰਿਸ਼ਚੀਅਨ ਯੂਨਾਈਟਿਡ ਫੈਡਰੇਸ਼ਨ ਦੇ ਪ੍ਰਧਾਨ ਅਲਬਰਟ ਦੁਆ ਨੇ ਧੀਰੇਂਦਰ ਸ਼ਾਸਤਰੀ ਦੀ ਟਿੱਪਣੀ 'ਤੇ ਇਤਰਾਜ਼ ਜਤਾਇਆ ਹੈ। ਸ਼ਾਹੀ ਇਮਾਮ ਨੇ ਮੰਗ ਕੀਤੀ ਹੈ ਕਿ ਸ਼ਾਸਤਰੀ ਮੁਆਫ਼ੀ ਮੰਗਣ, ਨਹੀਂ ਤਾਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਦੌਰਾਨ, ਈਸਾਈ ਫੈਡਰੇਸ਼ਨ ਦੇ ਪ੍ਰਧਾਨ ਨੇ ਸ਼ਾਸਤਰੀ ਨੂੰ ਆਪਣੀਆਂ ਭਾਵਨਾਵਾਂ ਨੂੰ ਕਾਬੂ ਵਿੱਚ ਰੱਖਣ ਦੀ ਅਪੀਲ ਕੀਤੀ ਹੈ। ਉਹ ਕੱਲ੍ਹ ਫੈਸਲਾ ਕਰਨਗੇ ਕਿ ਕੀ ਕਰਨਾ ਹੈ। ਉਨ੍ਹਾਂ ਨੇ ਪੂਰੇ ਈਸਾਈ ਭਾਈਚਾਰੇ ਨੂੰ ਲੁਧਿਆਣਾ ਵਿੱਚ ਇਕੱਠੇ ਹੋਣ ਲਈ ਕਿਹਾ ਹੈ।ਧੀਰੇਂਦਰ ਸ਼ਾਸਤਰੀ ਨੇ ਜਵਾਬ ਦਿੱਤਾ ਕਿ ਉਹ ਨਾ ਤਾਂ ਮੁਸਲਮਾਨਾਂ ਦੇ ਵਿਰੁੱਧ ਸਨ ਅਤੇ ਨਾ ਹੀ ਈਸਾਈਆਂ ਦੇ, ਸਗੋਂ ਸਿਰਫ਼ ਸਨਾਤਨ ਧਰਮ ਦਾ ਪ੍ਰਚਾਰ ਕਰ ਰਹੇ ਸਨ। ਧੀਰੇਂਦਰ ਸ਼ਾਸਤਰੀ ਲੁਧਿਆਣਾ ਵਿੱਚ ਪੰਜ ਦਿਨਾਂ ਸ਼੍ਰੀ ਹਨੂੰਮਾਨ ਕਥਾ ਦਾ ਸੰਚਾਲਨ ਕਰ ਰਹੇ ਹਨ। ਇਸ ਦੌਰਾਨ ਉਨ੍ਹਾਂ ਨੇ ਕਥਿਤ ਤੌਰ 'ਤੇ ਦੋਵਾਂ ਧਰਮਾਂ ਬਾਰੇ ਕੁਝ ਟਿੱਪਣੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਜੇਕਰ ਤੁਸੀਂ ਸਨਾਤਨ ਧਰਮ ਵਿੱਚ ਪੈਦਾ ਹੋਏ ਹੋ, ਤਾਂ ਹਲੀਲੁੱਲਾਹ ਦੇ ਪੈਰੋਕਾਰਾਂ ਕੋਲ ਜਾਣ ਦੀ ਕੋਈ ਲੋੜ ਨਹੀਂ ਹੈ। ਜੋ ਲੋਕ ਆਪਣੇ ਗੁਆਂਢੀ ਨੂੰ ਆਪਣਾ ਪਿਤਾ ਕਹਿੰਦੇ ਹਨ ਅਤੇ ਆਪਣੇ ਭਰਾ ਨੂੰ ਆਪਣਾ ਪ੍ਰੇਮੀ ਬਣਾਉਂਦੇ ਹਨ, ਉਹ ਬੇਕਾਰ ਹਨ। ਸ਼ਾਹੀ ਇਮਾਮ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ, ਅੱਜ ਦਾ ਸੰਦੇਸ਼ ਪੰਡਿਤ ਧੀਰੇਂਦਰ ਸ਼ਾਸਤਰੀ ਨੂੰ ਸੰਬੋਧਿਤ ਹੈ, ਜੋ ਲੁਧਿਆਣਾ ਹਨ। ਪਹਿਲਾਂ, ਮੈਂ ਉਨ੍ਹਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਲੁਧਿਆਣਾ ਭਾਰਤ ਦੇ ਆਜ਼ਾਦੀ ਸੰਗਰਾਮ, ਭਾਰਤ ਦੇ ਉਦਯੋਗ ਅਤੇ ਭਾਰਤ ਦੇ ਭਾਈਚਾਰੇ ਵਿੱਚ ਇੱਕ ਵਿਲੱਖਣ ਇਤਿਹਾਸ ਰੱਖਦਾ ਹੈ। ਤੁਹਾਡਾ ਸਾਡੇ ਲੁਧਿਆਣਾ ਆਉਣ 'ਤੇ ਸਵਾਗਤ ਹੈ, ਪਰ ਜਿਸ ਨਫ਼ਰਤ ਭਰੇ ਢੰਗ ਨਾਲ ਤੁਸੀਂ ਗੱਲ ਕੀਤੀ ਹੈ, ਉਹ ਕਿਸੇ ਵੀ ਕੀਮਤ 'ਤੇ ਅਸਹਿਣਯੋਗ ਹੈ।÷ਤੁਸੀਂ ਇਸਲਾਮ ਬਾਰੇ ਘਿਣਾਉਣੇ ਇਸ਼ਾਰੇ ਕਰਦੇ ਹੋ,÷ ਸ਼ਾਹੀ ਇਮਾਮ ਨੇ ਕਿਹਾ। ਸਭ ਤੋਂ ਪਹਿਲਾਂ, ਕਿਸੇ ਵੀ ਧਰਮ ਦੇ ਕਿਸੇ ਵੀ ਪ੍ਰਚਾਰਕ,



ਬਾਕੀ ਪੇਜ-2 'ਤੇ

## ਪੰਜਾਬ ਸਰਕਾਰ ਖੁਦ ਨਸ਼ੇ ਵਿੱਚ, ਨਸ਼ਾ ਕੀ ਮਿਟਾਏਗੀ : ਮਨੋਜ ਤਿਵਾੜੀ

**(ਸਰਬਜੀਤ ਸਿੰਘ ਸੋਨੀ) ਲੁਧਿਆਣਾ।** ਪੰਜਾਬ ਵਿੱਚ ਨਸ਼ਾ ਖ਼ਤਮ ਕੀਤਾ ਜਾ ਸਕਦਾ ਹੈ, ਪਰ ਜੋ ਸਰਕਾਰ ਖੁਦ ਨਸ਼ੇ ਵਿੱਚ ਆ ਜਾਵੇ, ਉਹ ਇਸ ਨੂੰ ਕੀ ਖ਼ਤਮ ਕਰੇਗੀ। ਇਹ ਗੱਲ ਦਿੱਲੀ ਤੋਂ ਭਾਜਪਾ ਦੇ ਸੰਸਦ ਮੈਂਬਰ ਅਤੇ ਭੋਜਪੁਰੀ ਅਦਾਕਾਰ-ਗਾਇਕ ਮਨੋਜ ਤਿਵਾੜੀ ਨੇ ਮੰਗਲਵਾਰ ਨੂੰ ਲੁਧਿਆਣਾ ਵਿੱਚ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਨੌਵੇਂ ਦਿਨ ਕੱਢੀ ਗਈ ਰੈਲੀ ਨੂੰ ਸੰਬੋਧਨ ਕਰਦਿਆਂ ਕਹੀ। ਇਸ ਮੌਕੇ ਪੰਜਾਬ ਭਾਜਪਾ ਦੇ ਜਨਰਲ ਸਕੱਤਰ ਜੀਵਨ ਗਰਗ,ਰਜਨੀਸ਼ ਧੀਮਾਨ, ਪੰਜਾਬ ਭਾਜਪਾ ਦੇ ਸਾਬਕਾ ਜਨਰਲ ਸਕੱਤਰ ਪ੍ਰਵੀਣ ਬਾਂਸਲ, ਪੰਜਾਬ ਭਾਜਪਾ ਕੋਰ ਕਮੇਟੀ ਦੇ ਮੈਂਬਰ ਜੀਵਨ ਗੁਪਤਾ, ਪੰਜਾਬ ਭਾਜਪਾ ਦੇ ਖ਼ਜ਼ਾਨਚੀ ਗੁਰਦੇਵ ਸ਼ਰਮਾ ਦੇਬੀ, ਪੰਜਾਬ ਭਾਜਪਾ ਦੇ ਸੀਨੀਅਰ ਆਗੂ ਐੱਸ.ਐੱਸ. ਚੰਨੀ, ਜ਼ਿਲ੍ਹਾ ਭਾਜਪਾ ਪ੍ਰਧਾਨ ਸੁਨੀਲ ਮੌਦਗਿਲ ਤੋਂ ਇਲਾਵਾ ਰੰਜਨ ਕਾਮਰਾ, ਅਮਰਜੀਤ ਸਿੰਘ, ਰਾਜਿੰਦਰ ਗੁਪਤਾ, ਰਾਕੇਸ਼ ਰਾਠੌਰ, ਅਜੈ ਟਾਮਟਾ ਅਤੇ ਬੀਨਾ ਕਪਾੜੀਆ,ਪੂਰਵ ਪ੍ਰਧਾਨ ਪੁਸ਼ਪਿੰਦਰ ਸਿੰਗਲ, ਸਮੇਤ ਕਈ ਭਾਜਪਾ ਆਗੂ ਅਤੇ ਵਰਕਰ ਮੌਜੂਦ ਰਹੇ। ਤਿਵਾੜੀ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ- ਇਹ ਪਹਿਲੀ ਵਾਰ ਨਹੀਂ ਹੈ ਜਦੋਂ ਉਨ੍ਹਾਂ ਨੇ ਲੋਕਾਂ ਨਾਲ ਝੂਠੇ ਵਾਅਦੇ ਕੀਤੇ ਹਨ। ਦਿੱਲੀ ਵਾਸੀਆਂ ਨਾਲ ਵੀ 10 ਸਾਲਾਂ ਵਿੱਚ ਆਮ ਆਦਮੀ ਪਾਰਟੀ ਵਾਲਿਆਂ ਨੇ ਕਈ ਝੂਠੇ ਵਾਅਦੇ ਕੀਤੇ ਸਨ ਅਤੇ ਦਿੱਲੀ ਨੂੰ 20 ਸਾਲ ਪਿੱਛੇ ਕਰ ਦਿੱਤਾ ਸੀ। ਹੁਣ ਇਹ ਪੰਜਾਬ ਵਿੱਚ ਵੀ ਇਹੀ ਕਰ ਰਹੇ ਹਨ। ਇਨ੍ਹਾਂ ਨੇ ਤਿੰਨ-ਤਿੰਨ ਵਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਝੂਠਾ ਵਾਅਦਾ ਕੀਤਾ।



ਬਾਕੀ ਪੇਜ-2 'ਤੇ

### ਲੋਕ ਸਾਥ ਦੇਣ ਤਾਂ ਹੀ ਨਸ਼ਾ ਮੁਕਤ ਹੋਵੇਗਾ ਸੂਬਾ : ਰਵਨੀਤ ਸਿੰਘ ਬਿੱਟੂ

ਸਾਬਕਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਇਹ ਯਾਤਰਾ ਆਪਣੇ ਅੰਤਿਮ ਪੜਾਅ 'ਤੇ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਜਲੰਧਰ ਪਹੁੰਚਣ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜੋ ਸੰਕਲਪ ਲਿਆ ਹੈ, ਉਸ ਵਿੱਚ ਪੰਜਾਬੀਆਂ ਨੂੰ ਸਹਿਯੋਗ ਦੇਣਾ ਹੋਵੇਗਾ, ਤਾਂ ਹੀ ਪੰਜਾਬ ਨਸ਼ਾ ਮੁਕਤ ਹੋਵੇਗਾ।

### ਭਾਜਪਾ ਪੰਜਾਬ ਦੇ ਹਾਲਾਤ ਬਦਲ ਸਕਦੀ ਹੈ : ਫੂਲਕਾ

ਸੀਨੀਅਰ ਐਡਵੋਕੇਟ ਅਤੇ ਭਾਜਪਾ ਆਗੂ ਐੱਚ.ਐੱਸ. ਫੂਲਕਾ ਨੇ ਕਿਹਾ ਕਿ ਸਾਡੇ ਗੁਆਂਢੀ ਸੂਬੇ ਸਾਡੇ ਤੋਂ ਅੱਗੇ ਨਿਕਲ ਗਏ ਹਨ। ਹਰਿਆਣਾ ਦੀ ਗ੍ਰੋਥ ਰੇਟ 11% ਅਤੇ ਪ੍ਰਤੀ ਵਿਅਕਤੀ ਆਮਦਨ 4.40 ਲੱਖ ਰੁਪਏ ਹੈ, ਜਦਕਿ ਪੰਜਾਬ ਦੀ ਗ੍ਰੋਥ ਰੇਟ 6% ਅਤੇ ਆਮਦਨ 2.30 ਲੱਖ ਰੁਪਏ ਹੈ। ਫੂਲਕਾ ਨੇ ਦੋਸ਼ ਲਾਇਆ ਕਿ ਸੂਬੇ ਵਿੱਚ ਉਦਯੋਗ ਅਤੇ ਰੁਜ਼ਗਾਰ ਨਹੀਂ ਆ ਰਹੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਾਲਾਤ ਸਿਰਫ਼ ਭਾਜਪਾ ਹੀ ਬਦਲ ਸਕਦੀ ਹੈ।

## ਕਠੂਆ ਦੇ ਸੀਆਈਐਸਐਫ ਕੈਂਪ 'ਚ ਜਵਾਨ ਨੇ ਸਾਥੀਆਂ 'ਤੇ ਚਲਾਈਆਂ ਗੋਲੀਆਂ, 4 ਦੀ ਮੌਤ

**(ਏਜੰਸੀਆਂ) ਕਠੂਆ।** ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੇ ਬਸੋਲੀ ਖੇਤਰ ਵਿੱਚ ਇੱਕ ਸੀਆਈਐਸਐਫ ਕੈਂਪ ਵਿੱਚ ਗੋਲੀਬਾਰੀ ਦੀ ਘਟਨਾ ਵਾਪਰੀ ਹੈ। ਇਹ ਗੋਲੀਬਾਰੀ ਕਥਿਤ ਤੌਰ 'ਤੇ ਮਸ਼ਕਾ ਸੇਵਾ ਪ੍ਰੋਜੈਕਟ ਵਿੱਚ ਤਾਇਨਾਤ ਸੀਆਈਐਸਐਫ ਕਰਮਚਾਰੀਆਂ ਵਿਚਕਾਰ ਝਗੜੇ ਤੋਂ ਬਾਅਦ ਹੋਈ। ਘਟਨਾ ਵਿੱਚ ਚਾਰ ਸੀਆਈਐਸਐਫ ਜਵਾਨ ਸਹਾਇਕ ਕਮਾਂਡੈਂਟ ਅੰਕਿਤ ਕੁਮਾਰ ਪਾਂਡੇ, ਐਸਆਈ ਲਕਸ਼ਮਣ ਸਿੰਘ, ਕਾਂਸਟੇਬਲ ਰਫੀਕ ਅਹਿਮਦ ਅਤੇ ਕਾਂਸਟੇਬਲ ਸੰਦੀਪ ਕੁਮਾਰ ਦੀ ਮੌਤ ਹੋ ਗਈ। ਸੀਆਈਐਸਐਫ ਜਵਾਨਾਂ 'ਤੇ ਗੋਲੀਬਾਰੀ ਕਰਨ ਵਾਲੇ ਦੀ ਪਛਾਣ ਸੀਆਈਐਸਐਫ ਜਵਾਨ ਅਭਿਦੇਸ਼ ਸਿੰਘ ਵਜੋਂ ਹੋਈ ਹੈ। ਪੁਲਿਸ ਮੌਕੇ 'ਤੇ ਪਹੁੰਚ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮੰਗਲਵਾਰ (29 ਸਤੰਬਰ, 2026) ਨੂੰ ਜੰਮੂ ਅਤੇ ਕਸ਼ਮੀਰ ਦੇ ਕਠੂਆ ਜ਼ਿਲ੍ਹੇ ਵਿੱਚ ਇੱਕ ਸਹਾਇਕ ਕਮਾਂਡੈਂਟ ਸਮੇਤ ਚਾਰ ਸੀਆਈਐਸਐਫ ਜਵਾਨ ਮਾਰੇ ਗਏ। ਇਹ ਸਿਪਾਹੀ ਹਿਮਾਚਲ ਪ੍ਰਦੇਸ਼ ਦੀ ਸਰਹੱਦ ਨਾਲ ਲੱਗਦੇ ਬਸੋਲੀ ਦੇ ਮਾਸ਼ਕਾ ਪਿੰਡ ਵਿੱਚ ਸੇਵਾ-III ਪਾਵਰ ਪ੍ਰੋਜੈਕਟ ਦੀ ਰਾਖੀ ਕਰ ਰਹੇ ਸਨ।




## ਹਾਈ ਕੋਰਟ ਨੇ ਪੀਐੱਮ ਡਿਗਰੀ ਮਾਮਲੇ 'ਚ ਕੇਜਰੀਵਾਲ ਦੀ ਅਪੀਲ ਕੀਤੀ ਖ਼ਾਰਜ, 25 ਹਜ਼ਾਰ ਦਾ ਜੁਰਮਾਨਾ ਬਰਕਰਾਰ

**ਏਜੰਸੀਆਂ) ਅਹਿਮਦਾਬਾਦ।** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਡਿਗਰੀ ਮਾਮਲੇ ਵਿੱਚ ਹਾਈ ਕੋਰਟ ਦੇ ਸਿੰਗਲ ਬੈਂਚ ਦੇ ਫੈਸਲੇ ਵਿੱਚ ਦਖਲ ਦੇਣ ਤੋਂ ਇਨਕਾਰ ਕਰਦੇ ਹੋਏ, ਗੁਜਰਾਤ ਹਾਈ ਕੋਰਟ ਨੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅਪੀਲ ਖਾਰਜ ਕਰ ਦਿੱਤੀ ਹੈ। ਚੀਫ਼ ਜਸਟਿਸ ਦੀ ਡਿਵੀਜ਼ਨ ਬੈਂਚ ਨੇ ਸਿੰਗਲ ਬੈਂਚ ਦੇ ਫੈਸਲੇ ਨੂੰ ਪੂਰੀ ਤਰ੍ਹਾਂ ਤੱਥਾਂ ਵਾਲਾ ਕਰਾਰ ਦਿੰਦੇ ਹੋਏ ਕੇਜਰੀਵਾਲ 'ਤੇ ਲਗਾਏ ਗਏ 25,000 ਰੁਪਏ ਦੇ ਜੁਰਮਾਨੇ ਨੂੰ ਬਰਕਰਾਰ ਰੱਖਿਆ ਹੈ।

ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੇਂਦਰੀ ਸੂਚਨਾ ਕਮਿਸ਼ਨਰ ਦੇ 2016 ਦੇ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਸੀ, ਜਿਸ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਵਿਦਿਅਕ ਡਿਗਰੀਆਂ ਦਾ ਖੁਲਾਸਾ ਕਰਨ ਦੀ ਮੰਗ ਕੀਤੀ ਗਈ ਸੀ।

ਜੱਜ ਨੇ ਇਸ ਮਾਮਲੇ ਵਿੱਚ ਕੇਜਰੀਵਾਲ ਦੀ ਪਟੀਸ਼ਨ ਖਾਰਜ ਕਰ ਦਿੱਤੀ ਅਤੇ ਉਨ੍ਹਾਂ 'ਤੇ 25,000 ਰੁਪਏ ਦਾ ਜੁਰਮਾਨਾ ਲਗਾਇਆ। ਇੱਕ ਅਪੀਲ ਤੋਂ ਬਾਅਦ, ਮਾਮਲਾ ਚੀਫ਼ ਜਸਟਿਸ ਸੁਨੀਤਾ ਅਗਰਵਾਲ ਅਤੇ ਜਸਟਿਸ ਡੀ.ਐਨ. ਰੇਅ ਦੀ ਡਿਵੀਜ਼ਨ ਬੈਂਚ ਦੇ ਸਾਹਮਣੇ ਆਇਆ।

ਮਾਮਲੇ ਦੀ ਸੁਣਵਾਈ ਤੋਂ ਬਾਅਦ, ਡਿਵੀਜ਼ਨ ਬੈਂਚ ਨੇ ਕਿਹਾ ਕਿ ਸਿੰਗਲ ਬੈਂਚ ਦੇ ਫੈਸਲੇ ਵਿੱਚ ਦਖਲ ਦੇਣ ਦਾ ਕੋਈ ਕਾਰਨ ਨਹੀਂ ਹੈ। ਹਾਈ ਕੋਰਟ ਨੇ ਕੇਜਰੀਵਾਲ ਦੀ ਅਪੀਲ ਨੂੰ ਖਾਰਜ ਕਰ ਦਿੱਤਾ, ਇਹ ਕਹਿੰਦੇ ਹੋਏ ਕਿ ਫੈਸਲਾ ਸਿਰਫ਼ ਤੱਥਾਂ ਅਤੇ



ਬਾਕੀ ਪੇਜ-2 'ਤੇ

## ਅੰਗਰੇਜ਼ਾਂ ਦੇ ਰਾਜ ਸਮੇਂ 165 ਸਾਲ ਪੁਰਾਣੇ ਸਰਕਾਰੀ ਰੈਸਟ ਹਾਊਸ ਦੀ ਬਦਲੇਗੀ ਨੁਹਾਰ

### • ਪ੍ਰਾਈਵੇਟ ਕੰਪਨੀ ਵੱਲੋਂ ਵਿਰਾਸਤੀ ਦਿੱਖ ਦੇ ਕੇ ਬਣਾਇਆ ਜਾਵੇਗਾ ਟੂਰਿਸਟ ਹੱਬ

**(ਹਰਪ੍ਰੀਤ ਸਿੰਘ ਕੈਲੇ) ਮਾਛੀਵਾੜਾ ਸਾਹਿਬ।** ਮਾਛੀਵਾੜਾ ਨੇੜ੍ਹੇ ਵਗਦੀ ਸਰਹਿੰਦ ਨਹਿਰ ਕਿਨਾਰੇ 165 ਸਾਲ ਪੁਰਾਣੇ ਸਰਕਾਰੀ ਰੈਸਟ ਹਾਊਸ ਨੂੰ ਜਲ ਸ਼?ਰੋਤ ਵਿਭਾਗ ਵਲੋਂ 7 ਸਾਲਾਂ ਲਈ ਪ੍ਰਾਈਵੇਟ ਤੌਰ 'ਤੇ ਇੱਕ ਕੰਪਨੀ ਨੂੰ ਕਿਰਾਏ ਉੱਪਰ ਦੇ ਦਿੱਤਾ ਗਿਆ ਹੈ। ਦੋਰਾਹਾ ਦੇ ਵਾਸੀ ਰਾਜਵੀਰ ਸਿੰਘ ਮਾਂਗਟ ਨੇ ਦੱਸਿਆ ਕਿ ਉਨ੍ਹਾਂ ਦੀ ਕੰਪਨੀ ਟ੍ਰਿਪਲ ਏ-1947 ਨੇ ਜਲ ਸ਼?ਰੋਤ ਵਿਭਾਗ ਵਲੋਂ ਲਗਾਏ ਖੁੱਲ੍ਹੇ ਟੈਂਡਰ ਰਾਹੀਂ 7 ਸਾਲਾਂ ਲਈ ਕਿਰਾਏ 'ਤੇ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਸਰਕਾਰੀ ਰੈਸਟ ਹਾਊਸ ਦੀ ਹਾਲਤ ਬਹੁਤ ਖਸਤਾ ਹੋ ਚੁੱਕੀ ਸੀ ਜਿੱਥੇ ਪ੍ਰਵਾਸੀ ਮਜ਼ਦੂਰਾਂ ਵਲੋਂ ਨਾਜਾਇਜ ਕਬਜੇ ਕੀਤੇ ਹੋਏ ਹਨ। ਉਨ੍ਹਾਂ ਵਲੋਂ ਪਿਛਲੇ 1 ਮਹੀਨੇ ਤੋਂ ਰੈਸਟ ਹਾਊਸ ਦੇ ਆਲੇ-ਦੁਆਲੇ ਖਾਲੀ ਜਮੀਨ ਵਿਚ ਉੱਗਿਆ ਘਾਹ ਤੇ ਜੜ੍ਹੀ ਬੂਟੀ ਹਟਾ ਕੇ ਇਸ ਨੂੰ ਪੱਧਰ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਸਰਕਾਰੀ ਰੈਸਟ ਹਾਊਸ ਦੀ ਮੁਰੰਮਤ ਸ਼ੁਰੂ ਕਰ ਦਿੱਤੀ ਹੈ ਅਤੇ ਵਿਰਾਸਤੀ ਦਿੱਖ ਦੇ ਕੇ ਇੱਥੇ ਟੂਰਿਸਟ ਹੱਬ ਬਣਾਉਣ ਦੀ ਤਜਵੀਜ਼ ਹੈ। ਉਨ੍ਹਾਂ ਕਿਹਾ ਕਿ ਰੈਸਟ ਹਾਊਸ ਵਿਚ 4 ਕਮਰੇ ਹਨ ਜਿਨ੍ਹਾਂ ਨੂੰ ਪੁਰਾਤਨ ਵਿਰਸੇ ਨਾਲ ਜੋੜ ਕੇ ਤਿਆਰ ਕੀਤਾ ਜਾਵੇਗਾ ਜਿੱਥੇ ਸੈਲਾਨੀ ਆ ਕੇ ਰਹਿ ਸਕਣਗੇ। ਇਸ ਤੋਂ ਇਲਾਵਾ ਇੱਥੇ ਘੋੜਿਆਂ ਦਾ ਸਟੱਡ ਫਾਰਮ, ਮੈਡੀਟੇਸ਼ਨ ਸੈਂਟਰ, ਬੱਚਿਆਂ ਦੇ ਖੇਡਣ ਲਈ ਗਤੀਵਿਧੀਆਂ ਤੋਂ ਇਲਾਵਾ ਫੂਡ ਹੱਬ ਬਣਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਵਿਰਾਸਤੀ ਇਮਾਰਤ ਨੂੰ ਫਿਲਮਾਂ ਤੇ ਗੀਤਾਂ ਦੀ ਸ਼ੂਟਿੰਗ ਤੋਂ ਇਲਾਵਾ ਹੋਰ ਕੰਮਾਂ ਲਈ ਵਰਤਿਆ ਜਾ ਸਕੇਗਾ। ਰਾਜਵੀਰ ਸਿੰਘ ਮਾਂਗਟ ਨੇ ਦੱਸਿਆ ਕਿ ਇਸ 165 ਸਾਲ ਪੁਰਾਣੇ ਰੈਸਟ ਹਾਊਸ ਦੇ ਦਰਵਾਜ਼ਿਆਂ ਨੂੰ ਨਵੇਂ ਲਗਾਉਣ ਦੀ ਬਜਾਏ ਪਹਿਲਾਂ ਵਾਲੀ ਦਿੱਖ ਵਿਚ ਸੰਵਾਰਿਆ ਜਾਵੇਗਾ।



ਬਾਕੀ ਪੇਜ-2 'ਤੇ

## ਨਗਰ ਕੌਂਸਲ ਨੇ ਝੁੱਗੀਆਂ ਬਣਾ ਕੇ ਰਹਿ ਰਹੇ ਪ੍ਰਵਾਸੀਆਂ ਦਾ ਲਿਆ ਨੋਟਿਸ

### • ਬਿਜਲੀ ਦੀਆਂ ਕੁੰਡੀਆਂ ਲਗਾ ਕੇ ਕਈ ਸਾਲਾਂ ਤੋਂ ਕੀਤੀ ਜਾ ਰਹੀ ਬਿਜਲੀ ਚੋਰੀ : ਮੋਹਿਤ ਕੁੰਦਰਾ

**(ਹਰਪ੍ਰੀਤ ਸਿੰਘ ਕੈਲੇ) ਮਾਛੀਵਾੜਾ ਸਾਹਿਬ।** ਮਾਛੀਵਾੜਾ ਸ਼ਹਿਰ ਦੀ ਪੁਰਾਣੀ ਸਬਜੀ ਮੰਡੀ ਨੇੜ੍ਹੇ ਇੱਕ ਜਮੀਨ ਵਿਚ ਝੁੱਗੀਆਂ ਬਣਾ ਕੇ ਰਹਿ ਰਹੇ ਬਾਹਰਲੇ ਸੂਬਿਆਂ ਤੋਂ ਆਏ ਪ੍ਰਵਾਸੀ ਮਜ਼ਦੂਰਾਂ ਵਲੋਂ ਫੈਲਾਈ ਜਾ ਰਹੀ ਗੰਦਗੀ ਦਾ ਨਗਰ ਕੌਂਸਲ ਵਲੋਂ ਗੰਭੀਰ ਨੋਟਿਸ ਲਿਆ। ਪ੍ਰਧਾਨ ਮੋਹਿਤ ਕੁੰਦਰਾ ਨੇ ਲੋਕਾਂ ਦੀ ਸ਼ਿਕਾਇਤ ਦੇ ਅਧਾਰ 'ਤੇ ਇਸ ਜਗ?ਹਾ ਦਾ ਦੌਰਾ ਕੀਤਾ ਅਤੇ ਪੱਤਰਕਾਰਾਂ ਨੂੰ ਦਿਖਾਇਆ ਕਿ ਇੱਥੇ ਕਰੀਬ 100 ਤੋਂ ਵੱਧ ਝੁੱਗੀਆਂ ਬਣੀਆਂ ਹੋਈਆਂ ਹਨ ਜਿਨ੍ਹਾਂ ਤੋਂ ਪੱਛਮੀ ਬੰਗਾਲ ਦੇ ਵੋਟਰ ਕਾਰਡ ਤੇ ਅਧਾਰ ਕਾਰਡ ਹਨ ਜੋ ਕਿ ਮਾਛੀਵਾੜਾ ਸ਼ਹਿਰ ਵਿਚ ਪਿਛਲੇ ਕਈ ਸਾਲਾਂ ਤੋਂ ਝੁੱਗੀਆਂ ਬਣਾ ਕੇ ਰਹਿ ਰਹੇ ਹਨ।



ਬਾਕੀ ਪੇਜ-2 'ਤੇ

## ਵਰ੍ਹਦੇ ਮੀਂਹ ਵਿੱਚ ਜੋਧਾਂ-ਰਤਨ ਬਾਜ਼ਾਰ ਵਿੱਚ ਮਨਾਇਆ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ

### • ਇਨਕਲਾਬ ਜ਼ਿੰਦਾਬਾਦ, ਸਾਮਰਾਜਵਾਦ ਮੁਰਦਾਬਾਦ ਦੇ ਨਾਅਰੇ ਗੂੰਜਦੇ ਰਹੇ

**(ਨਿਊਜ਼ ਚੈਕ ਪੋਸਟ) ਕੈਨੇਡਾ।** ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ ਲੁਧਿਆਣਾ ਤੇ ਪੈਂਦੇ ਜੋਧਾਂ ਰਤਨ ਬਾਜ਼ਾਰ ਵਿੱਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਵਸ ਉਨ੍ਹਾਂ ਦੇ ਬੁੱਤ ਅਸਥਾਨ ਵਿਖੇ ਇਨਕਲਾਬੀ ਜਥੇਬੰਦੀਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ , ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ, ਮਨਰੇਗਾ ਵਰਕਰ ਯੂਨੀਅਨ ਦੁਕਾਨਦਾਰ ਯੂਨੀਅਨ ਵੱਲੋਂ ਵਰ੍ਹਦੇ ਮੀਂਹ ਵਿੱਚ ਬੜੇ ਹੀ ਜੋਸ਼ੋ ਖਰੋਸ਼ ਨਾਲ ਸ਼ਹੀਦ ਭਗਤ ਸਿੰਘ ਦੇ ਨਾਅਰਿਆਂ ਇਨਕਲਾਬ ਜ਼ਿੰਦਾਬਾਦ , ਸਾਮਰਾਜਵਾਦ ਮੁਰਦਾਬਾਦ ਦੀ ਗੂੰਜ ਵਿੱਚ ਇਨਕਲਾਬੀ ਭਾਵਨਾ ਨਾਲ ਮਨਾਇਆ ਗਿਆ ।



ਬਾਕੀ ਪੇਜ-2 'ਤੇ

ਮਾਮਲਾ ਬੈਂਕ ਨਾਲ ਕੀਤੀ ਧੋਖਾਧੜੀ ਦਾ

## ਬੈਂਕ ਘੁਟਾਲੇ ਦਾ ਮਾਸਟਰਮਾਈਂਡ ਗ੍ਰਿਫ਼ਤਾਰ, ਡਾਂਸਰ ਨੂੰ ਦਿੰਦਾ ਸੀ ਹਰ ਮਹੀਨੇ ਦਾ 10 ਲੱਖ

**(ਨਿਊਜ਼ ਚੈਕ ਪੋਸਟ) ਚੰਡੀਗੜ੍ਹ।** ਸੀਬੀਆਈ ਨੇ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸਰਕਾਰੀ ਵਿਭਾਗਾਂ ਨਾਲ ਜੁੜੇ ਲਗਭਗ 650 ਕਰੋੜ ਰੁਪਏ ਦੇ ਬੈਂਕ ਧੋਖਾਧੜੀ ਦੀ ਜਾਂਚ ਦੌਰਾਨ ਸਬੂਤਾਂ ਦੀਆਂ ਕਈ ਪਰਤਾਂ ਦਾ ਪਰਦਾਫਾਸ਼ ਕੀਤਾ ਹੈ। ਜਾਂਚ ਵਿੱਚ ਘੁਟਾਲੇ ਦੇ ਮਾਸਟਰਮਾਈਂਡ ਅਤੇ ਮੁੱਖ ਮੁਲਜ਼ਮ ਰਿਭਵ ਰਿਸ਼ੀ ਵਿਚਕਾਰ ਨੇੜਲੇ ਸਬੰਧਾਂ ਅਤੇ ਉਸ 'ਤੇ ਕੀਤੇ ਗਏ ਫਜ਼ੂਲ ਖਰਚ ਦਾ ਵੀ ਖ਼ੁਲਾਸਾ ਹੋਇਆ ਹੈ। ਸੀਬੀਆਈ ਨੇ ਆਪਣੀ ਚਾਰਜਸ਼ੀਟ ਵਿੱਚ ਇਹ ਖੁਲਾਸਾ ਕੀਤਾ ਹੈ। ਅਗਸਤ 2025 ਅਤੇ ਜਨਵਰੀ 2026 ਦੇ ਵਿਚਕਾਰ, ਰਿਸ਼ੀ ਨੇ ਔਰਤ ਨੂੰ ਪ੍ਰਤੀ ਮਹੀਨਾ 10 ਲੱਖ ਦਾ ਭੁਗਤਾਨ ਕੀਤਾ। ਔਰਤ ਨੇ ਜਾਂਚ ਏਜੰਸੀ ਨੂੰ ਦੱਸਿਆ ਕਿ ਰਿਸ਼ੀ ਨੇ ਉਸ ਨੂੰ ਆਪਣੇ ਡਾਂਸਿੰਗ ਕਰੀਅਰ ਨੂੰ ਛੱਡਣ ਦੇ ਬਦਲੇ ਇਹ ਰਕਮ ਦੇਣ ਦਾ ਵਾਅਦਾ ਕੀਤਾ ਸੀ। ਉਸਨੂੰ ਛੇ ਮਹੀਨਿਆਂ ਵਿੱਚ ਕੁੱਲ 5.6 ਮਿਲੀਅਨ ਦਾ ਭੁਗਤਾਨ ਕੀਤਾ ਗਿਆ ਸੀ।









## ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਤੋਂ ਬਾਅਦ ਚੰਡੀਗੜ੍ਹ 'ਚ ਪੀਯੂ ਪ੍ਰਸ਼ਾਸਨ ਚੌਕਸ

**(ਨਿਊਜ਼ ਚੈਕ ਪੋਸਟ) ਚੰਡੀਗੜ੍ਹ।** ਪੰਜਾਬ ਦੇ ਫਗਵਾੜਾ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਇੱਕ ਵਿਦਿਆਰਥਣ ਦੇ ਜਿਨਸੀ ਸ਼ੋਸ਼ਣ ਦੇ ਦਾਅਵਿਆਂ ਤੋਂ ਬਾਅਦ ਹੋਏ ਵਿਰੋਧ ਪ੍ਰਦਰਸ਼ਨਾਂ ਅਤੇ ਹਿੰਸਕ ਘਟਨਾਵਾਂ ਦੇ ਮੱਦੇਨਜ਼ਰ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਅਲਰਟ 'ਤੇ ਕਰ ਦਿੱਤਾ ਗਿਆ ਹੈ। ਪੀਯੂ ਪ੍ਰਸ਼ਾਸਨ ਨੇ ਮੰਗਲਵਾਰ ਨੂੰ ਵਿਦਿਆਰਥੀਆਂ ਅਤੇ ਸਟਾਫ਼ ਨੂੰ ਇੱਕ ਸਲਾਹ ਜਾਰੀ ਕੀਤੀ, ਜਿਸ ਵਿੱਚ ਉਨ੍ਹਾਂ ਨੂੰ ਕੈਂਪਸ ਵਿੱਚ ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣ, ਅਫਵਾਹਾਂ ਨੂੰ ਨਜ਼ਰਅੰਦਾਜ਼ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਤੁਰੰਤ ਰਿਪੋਰਟ ਕਰਨ ਦੀ ਅਪੀਲ ਕੀਤੀ ਗਈ।



ਬਾਕੀ ਪੇਜ-2 'ਤੇ

## ਗੁਰਦਮਨਦੀਪ ਬਰਾੜ ਬਣੇ ਕੈਨੇਡਾ 'ਚ ਬੈਰਿਸਟਰ ਐਂਡ ਸੋਲਿਸਟਰ

**(ਨਿਊਜ਼ ਚੈਕ ਪੋਸਟ) ਸ੍ਰੀ ਮੁਕਤਸਰ ਸਾਹਿਬ।** ਸ੍ਰੀ ਮੁਕਤਸਰ ਸਾਹਿਬ ਦੇ ਜੰਮਪਲ ਗੁਰਦਮਨਦੀਪ ਸਿੰਘ ਬਰਾੜ ਨੇ ਕੈਨੇਡਾ 'ਚ ਵਕਾਰੀ ਕਾਨੂੰਨੀ ਪ੍ਰੀਖਿਆਵਾਂ 'ਚ ਸ਼ਾਨਦਾਰ ਸਫਲਤਾ ਹਾਸਲ ਕਰ ਕੇ 'ਬੈਰਿਸਟਰ ਐਂਡ ਸੋਲਿਸਟਰ' ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਪਿਤਾ ਅਵਤਾਰ ਸਿੰਘ ਬਰਾੜ ਤੇ ਮਾਤਾ ਬਲਜਿੰਦਰ ਕੌਰ ਦੇ ਘਰ 15 ਮਈ 1992 ਨੂੰ ਜਨਮੇ ਗੁਰਦਮਨਦੀਪ ਸਿੰਘ ਬਰਾੜ ਬਚਪਨ ਤੋਂ ਹੀ ਪੜ੍ਹਾਈ 'ਚ ਕਾਫ਼ੀ ਰੁਚੀ ਰੱਖਦੇ ਸਨ।

**ਜੱਦੀ ਸ਼ਹਿਰ ਮੁਕਤਸਰ 'ਚ ਖ਼ੁਸ਼ੀ ਦਾ ਮਾਹੌਲ**

ਉਹ ਇਕ ਪੜ੍ਹੇ-ਲਿਖੇ ਤੇ ਅਨੁਸ਼ਾਸਨਬੱਧ ਪਰਿਵਾਰ ਨਾਲ ਸਬੰਧ ਰੱਖਦੇ ਹਨ। ਉਨ੍ਹਾਂ ਦੇ ਦਾਦਾ ਨਿਰਮਲ ਸਿੰਘ (ਰਿਟਾਇਰਡ ਕਾਨੂੰਗੋ) ਤੇ ਤਾਇਆ ਪ੍ਰਤਾਪ ਸਿੰਘ (ਰਿਟਾਇਰਡ ਪ੍ਰਿੰਸੀਪਲ) ਹਨ। ਗੁਰਦਮਨਦੀਪ ਨੇ



ਬਾਕੀ ਪੇਜ-2 'ਤੇ

# ਪਹਿਲੀ ਵਾਰ ਸੈਨੇਟ ਚੋਣ ਮੈਦਾਨ ਵਿੱਚ ਨਿਤਰੇ ਡਾ. ਸ਼ੰਕਰ ਚੌਧਰੀ ਨੇ ਦਰਜ ਕੀਤੀ ਸ਼ਾਨਦਾਰ ਜਿੱਤ

• 3380 ਵੋਟਾਂ ਹਾਸਲ ਕਰਕੇ ਦੂਜੇ ਸਥਾਨ 'ਤੇ ਰਹੇ

(ਨਿਊਜ਼ ਚੈਕ ਪੋਸਟ) ਸ੍ਰੀ ਮੁਕਤਸਰ ਸਾਹਿਬ। ਪੰਜਾਬ ਯੂਨੀਵਰਸਿਟੀ ਦੀ ਸੈਨੇਟ ਚੋਣ ਵਿੱਚ ਪਹਿਲੀ ਵਾਰ ਚੋਣ ਮੈਦਾਨ ਵਿੱਚ ਉਤਰੇ ਡਾ. ਸ਼ੰਕਰ ਚੌਧਰੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 3380 ਵੋਟਾਂ ਹਾਸਲ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਜਿੱਤ ਨਾਲ ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਆਪਣੀ ਥਾਂ ਬਣਾਈ ਹੈ।

ਚੈਕ ਪੋਸਟ



ਪਹਿਲੀ ਵਾਰ ਸੈਨੇਟ ਦੀ ਚੋਣ ਲੜਦਿਆਂ ਵੱਡੀ ਗਿਣਤੀ ਵਿੱਚ ਵੋਟਾਂ ਹਾਸਲ ਕਰਨਾ ਡਾ. ਸ਼ੰਕਰ ਚੌਧਰੀ ਲਈ ਮਹੱਤਵਪੂਰਨ ਉਪਲਬਧੀ ਮੰਨੀ ਜਾ ਰਹੀ ਹੈ। ਉਨ੍ਹਾਂ ਦੀ ਇਸ ਜਿੱਤ ਨਾਲ ਉਨ੍ਹਾਂ ਦੇ ਸਮਰਥਕਾਂ ਅਤੇ ਸਹਿਯੋਗੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਚੋਣ ਨਤੀਜੇ ਸਾਹਮਣੇ ਆਉਣ ਤੋਂ ਬਾਅਦ ਉਨ੍ਹਾਂ ਨੂੰ ਵਧਾਈਆਂ ਦੇਣ ਦਾ ਸਿਲਸਿਲਾ ਵੀ ਜਾਰੀ ਹੈ। ਇਸ ਮੌਕੇ ਸਰਦਾਰ ਗੁਰਮੇਲ ਸਿੰਘ ਸਾਗੂ, ਡੀ.ਆਰ.ਸੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਡਾ. ਸ਼ੰਕਰ ਚੌਧਰੀ ਨੂੰ ਉਨ੍ਹਾਂ ਦੀ ਸ਼ਾਨਦਾਰ ਜਿੱਤ ਲਈ ਦਿਲੋਂ ਵਧਾਈ ਦਿੱਤੀ ਗਈ। ਉਨ੍ਹਾਂ ਨੇ ਡਾ. ਚੌਧਰੀ ਦੀ ਇਸ ਪ੍ਰਾਪਤੀ 'ਤੇ

## ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਬਣਾਈ ਆਪਣੀ ਥਾਂ

ਖੁਸ਼ੀ ਪ੍ਰਗਟ ਕਰਦਿਆਂ ਉਮੀਦ ਜਤਾਈ ਕਿ ਉਹ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਵਿੱਚ ਆਪਣੀ ਜ਼ਿੰਮੇਵਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਂਦੇ ਹੋਏ ਸਿੱਖਿਆ ਅਤੇ ਵਿਦਿਆਰਥੀ ਹਿੱਤਾਂ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਗੇ। ਡਾ. ਸ਼ੰਕਰ ਚੌਧਰੀ ਨੇ ਇਸ ਜਿੱਤ ਲਈ ਵੋਟਰਾਂ, ਸਮਰਥਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਉਨ੍ਹਾਂ 'ਤੇ ਪ੍ਰਗਟ ਕੀਤੇ ਭਰੋਸੇ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਉਹ ਸੈਨੇਟ ਵਿੱਚ ਆਪਣੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣ ਲਈ ਯਤਨਸ਼ੀਲ ਰਹਿਣਗੇ। ਡਾ. ਸ਼ੰਕਰ ਚੌਧਰੀ ਦੀ ਇਹ ਪਹਿਲੀ ਸੈਨੇਟ ਚੋਣ ਅਤੇ ਇਸ ਵਿੱਚ 3380 ਵੋਟਾਂ ਨਾਲ ਦੂਜਾ ਸਥਾਨ ਹਾਸਲ ਕਰਨਾ ਉਨ੍ਹਾਂ ਦੇ ਜਨਤਕ ਅਤੇ ਅਕਾਦਮਿਕ ਸਫ਼ਰ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਵਜੋਂ ਦੇਖਿਆ ਜਾ ਰਿਹਾ ਹੈ।

# ਬਲਾਕ ਪੱਧਰੀ ਪ੍ਰਾਈਮਰੀ ਸਕੂਲ ਖੇਡਾਂ ਜੰਡੀ ਵਿਖੇ ਸ਼ਾਨੋ-ਸ਼ੌਕਤ ਨਾਲ ਸਮਾਪਤ

• ਸ਼੍ਰੀਮਤੀ ਹਰਬੰਸ ਕੌਰ ਛੀਨਾ ਅਤੇ ਗ੍ਰਾਮ ਪੰਚਾਇਤ, ਸਕੂਲ ਸਟਾਫ ਵੱਲੋਂ ਸਾਂਝੇ ਤੌਰ ਤੇ ਖੇਡਾਂ ਦਾ ਉਦਘਾਟਨ ਕੀਤਾ

(ਮਨੀ ਰਸੂਲਪੁਰੀ) ਭੂੰਦੜੀ/ਸਿੱਧਵਾਂ ਬੇਟ। ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਸਰਕਾਰੀ ਪ੍ਰਾਇਮਰੀ ਸਕੂਲ ਅਤੇ ਸਰਕਾਰੀ ਹਾਈ ਸਕੂਲ ਜੰਡੀ ਦੇ ਖੇਡ ਗਰਾਊਂਡ ਵਿੱਚ ਸਾਨੂੰ ਸ਼ੌਕਤ ਨਾਲ ਸਮਾਪਤ ਹੋਈਆਂ। ਜਿਸ ਵਿੱਚ ਖੇਡਾਂ ਦਾ ਉਦਘਾਟਨ ਉੱਘੇ ਸਮਾਜ ਸੇਵੀ ਸਰਦਾਰਨੀ ਹਰਬੰਸ ਕੌਰ ਛੀਨਾ, ਸਰਪੰਚ ਅਮਰਜੀਤ ਕੌਰ ਛੀਨਾ, ਬੀ.ਪੀ.ਈ.ਓ ਸਰਦਾਰ ਇਤਬਾਰ ਸਿੰਘ ਅਤੇ ਬੀ ਆਰ ਸੀ ਹਰਬੰਸ ਸਿੰਘ, ਇੰਦਰਜੀਤ ਸਿੰਘ ਸਿੱਧੂ ਅਤੇ ਹਾਈ ਸਕੂਲ ਦੇ ਮੁਖੀ ਅਮਨਦੀਪ ਸਿੰਘ, ਅਤੇ ਪ੍ਰਾਈਮਰੀ ਸਕੂਲ ਦੇ ਮੁਖੀ ਮੈਡਮ ਕੀਰਤੀ ਅਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਅਤੇ ਸਕੂਲ ਦੇ ਸਟਾਫ ਵੱਲੋਂ ਸਾਂਝੇ ਤੌਰ ਤੇ ਖੇਡਾਂ ਦਾ ਰੀਬਨ ਕੱਟ ਕੇ ਉਦਘਾਟਨ ਕੀਤਾ ਗਿਆ। ਉੱਥੇ ਜਿਸ ਵਿੱਚ ਬਲਾਕ ਸਿੱਧਵਾਂ ਬੇਟ -1 ਅਧੀਨ ਪੈਂਦੇ 5 ਸੈਂਟਰਾਂ ਦੇ ਪ੍ਰਾਇਮਰੀ ਸਕੂਲਾਂ ਦੀਆਂ ਬਲਾਕ ਪੱਧਰੀ ਖੇਡਾਂ ਵਿੱਚ ਉੱਘੇ ਸਮਾਜ ਸੇਵੀ ਅਤੇ ਪ੍ਰਵਾਸੀ ਭਾਰਤੀ ਸਰਦਾਰ ਹਰਦੇਵ ਸਿੰਘ ਛੀਨਾ ਯੂ,ਕੇ ਵਾਲੇ ਅਤੇ ਉਨਾਂ ਦੇ ਧਰਮ ਪਤਨੀ ਸਰਦਾਰਨੀ ਹਰਬੰਸ ਕੌਰ ਛੀਨਾ ਯੂ, ਕੇ ਅਤੇ ਸਮੂਹ ਪਰਿਵਾਰ ਵੱਲੋਂ ਅਤੇ ਸਰਪੰਚ ਅਮਰਜੀਤ ਕੌਰ ਛੀਨਾ ਧਰਮਪਤਨੀ ਅਜਮੇਰ ਸਿੰਘ ਖਾਲਸਾ ਅਤੇ ਪੰਚ ਗੁਰਜੀਤ ਸਿੰਘ ਛੀਨਾ ਬਾਰਵਾਲੇ ਸਾਬਕਾ ਚੇਅਰਮੈਨ ਅਤੇ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਨਾਲ ਮਿਲ ਕੇ ਖੇਡਾਂ ਵਿੱਚ ਬੱਚਿਆਂ ਲਈ ਸਮੁੱਚਾ ਪ੍ਰਬੰਧ ਕੀਤਾ ਗਿਆ। ਜਿੱਥੇ ਹਰਬੰਸ ਕੌਰ ਛੀਨਾ ਯੂਕੇ ਵਾਲੀਆਂ ਵੱਲੋਂ ਗਰਾਊਂਡ ਦੀ ਤਿਆਰੀ ਅਤੇ ਸਫਾਈ ਦਾ ਕੰਮ ਕਰਵਾਇਆ ਗਿਆ ਉੱਥੇ ਵੱਖ-ਵੱਖ ਸਕੂਲਾਂ ਤੋਂ ਆਉਣ ਵਾਲੇ ਬੱਚਿਆਂ ਤੇ ਅਧਿਆਪਕਾਂ ਲਈ ਰਿਫਰੈਸਮੈਂਟ ਅਤੇ ਬੱਚਿਆਂ ਦੇ ਖਾਣੇ ਦਾ ਪ੍ਰਬੰਧ ਵੀ ਕੀਤਾ ਗਿਆ ਅਤੇ ਬੱਚਿਆਂ ਲਈ ਮਾਣਸਨਮਾਨ ਟਰਾਫੀਆਂ ਮੈਡਲ ਅਤੇ ਲੰਗਰ ਤੇ ਹੋਰ ਖਾਣ ਪੀਣ ਲਈ ਵੀ ਯੂਕੇ ਪਰਿਵਾਰ ਵੱਲੋਂ ਕੀਤਾ ਗਿਆ। ਇਸ ਮੌਕੇ ਗੁਲਵੰਤ ਸਿੰਘ ਭੁੱਲਰ ਸਾਬਕਾ ਸਰਪੰਚ, ਬਲਦੇਵ ਸਿੰਘ ਛੀਨਾ ਸਾਬਕਾ ਸਰਪੰਚ, ਸ਼੍ਰੀਮਤੀ ਕੁਲਦੀਪ ਕੌਰ ਸਾਬਕਾ ਸਰਪੰਚ, ਜਗਰਾਜ ਸਿੰਘ ਸਾਬਕਾ ਸਰਪੰਚ,ਪੰਚ ਬਲਜੀਤ ਸਿੰਘ ਪੰਧੇਰ, ਪੰਚ ਮਨਜੀਤ ਸਿੰਘ ਮੰਨਾ, ਜਗਦੇਵ ਸਿੰਘ ਸਿੱਧੂ, ਦਰਸ਼ਨ ਸਿੰਘ, ਗੁਰਵੀਰ ਸਿੰਘ ਪੰਚ, ਕੁਲਵਿੰਦਰ ਸਿੰਘ, ਅਰਵਿੰਦਰ ਸਿੰਘ ਗਿੱਲ, ਅਤੇ ਸਕੂਲ ਇੰਚਾਰਜ ਅਮਨਦੀਪ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਤੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਗਈ। ਇਸ ਮੌਕੇ ਬੀਪੀਈਓ ਸਰਦਾਰ ਇਤਬਾਰ ਸਿੰਘ ਅਤੇ ਬੀ. ਆਰ .ਸੀ ਹਰਬੰਸ ਸਿੰਘ ਜੰਡੀ, ਅਤੇ ਹਾਈ ਸਕੂਲ ਜੰਡੀ ਦੇ ਇੰਚਾਰਜ ਅਮਨਦੀਪ ਸਿੰਘ ਵੱਲੋਂ ਪ੍ਰਵਾਸੀ ਭਾਰਤੀ ਅਤੇ ਉੱਘੇ ਸਮਾਜ ਸੇਵੀ ਸਰਦਾਰ ਹਰਦੇਵ ਸਿੰਘ ਛੀਨਾ ਅਤੇ ਉਹਨਾਂ ਦੇ ਧਰਮ ਪਤਨੀ ਸਰਦਾਰਨੀ ਸ਼੍ਰੀਮਤੀ ਹਰਬੰਸ ਕੌਰ ਛੀਨਾ ਅਤੇ ਸਮੂਹ ਗ੍ਰਾਮ ਪੰਚਾਇਤ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਪੀਈਓ ਸਰਦਾਰ ਇਤਬਾਰ ਸਿੰਘ, ਅਤੇ ਸਮੂਹ ਸਕੂਲਾਂ ਤੋਂ ਆਏ ਟੀਚਰ ਸਾਹਿਬਾਨ ਨੇ ਖੇਡਾਂ ਵਿੱਚ ਕੀਤੇ ਪ੍ਰਬੰਧ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਪ੍ਰਵਾਸੀ ਭਾਰਤੀ ਹਰਬੰਸ ਕੌਰ ਛੀਨਾ ਯੂਕੇ ਵਾਲੇ ਅਤੇ ਸਮੂਹ ਪਰਿਵਾਰ ਵੱਲੋਂ ਅਤੇ ਸਰਪੰਚ ਸ਼੍ਰੀਮਤੀ ਅਮਰਜੀਤ ਕੌਰ ਛੀਨਾ ਅਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਕੀਤੇ ਪ੍ਰਬੰਧਾਂ ਨੂੰ ਵੇਖ ਕੇ ਉਹਨਾਂ ਕਿਹਾ ਕਿ ਜੰਡੀ ਪਿੰਡ ਵਿੱਚ ਰੱਬ ਵਸਦਾ ਹੈ ਗੱਲ ਸੱਚ ਹੁੰਦੀ ਵੇਖੀ ਗਈ। ਅਤੇ ਪੱਤਰਕਾਰਾਂ ਵੱਲੋਂ ਵੀ ਪ੍ਰਬੰਧ ਵੇਖ ਕੇ ਕਿਹਾ ਕਿ ਬਾਕਿਆ ਹੀ ਪਿੰਡ ਜੰਡੀ ਵਿੱਚ ਰੱਬ ਵਸਦਾ ਹੈ। ਉੱਥੇ ਪੁਰਾਣੇ ਬੱਚੇ ਗਰਾਊਂਡ ਦੀਆਂ ਤਿਆਰੀਆਂ ਸਮੇਤ ਵੱਖ ਵੱਖ ਕਾਰਜਾਂ ਵਿੱਚ ਰੁਝੇ ਹੋਏ ਦਿਖਾਈ ਦਿੰਦੇ ਉੱਥੇ ਪ੍ਰਧਾਨ ਅਜਮੇਰ ਸਿੰਘ ਖਾਲਸਾ ਅਤੇ ਹਰਬੰਸ ਕੌਰ ਛੀਨਾ ਅਤੇ ਗੁਰਜੀਤ ਸਿੰਘ ਸਾਬਕਾ ਚੇਅਰਮੈਨ ਸਮੁੱਚੇ ਕੰਮ ਦੀ ਨਿਗਰਾਨੀ ਕਰਦੇ ਰਹੇ ਅਤੇ ਇਸ ਕਾਰਜ ਨੂੰ ਸਫਲਤਾਪੂਰਵਕ ਨੇਪੜੇ ਚਾੜਿਆ ਇਸ ਮੌਕੇ ਪ੍ਰਾਇਮਰੀ ਸਕੂਲ ਜੰਡੀ ਦੇ ਸਮੂਹ ਸਕੂਲ ਸਟਾਫ ਅਤੇ ਇੰਚਾਰਜ ਮੈਡਮ ਕੀਰਤੀ, ਅੰਜਲੀ ਅਤੇ ਪ੍ਰਦੀਪ ਕੌਰ ਦਾ ਵੀ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ।





ਚੈਕ ਪੋਸਟ

# ਪਿੰਡ ਬੌਂਦਲੀ ਵਿਖੇ ਸਾਲਾਨਾ ਦੰਗਲ ਮੇਲਾ ਕਰਵਾਇਆ

(ਹਰਪ੍ਰੀਤ ਸਿੰਘ ਕੈਲੇ) ਮਾਛੀਵਾੜਾ ਸਾਹਿਬ। ਨੇੜਲੇ ਪਿੰਡ ਬੌਂਦਲੀ ਵਿਖੇ ਹਰ ਸਾਲ ਦੀ ਤਰ੍ਹਾਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਸਾਲਾਨਾ ਦੰਗਲ ਮੇਲਾ ਕਰਵਾਇਆ ਗਿਆ। ਦੰਗਲ ਮੇਲੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਮਲਾਗਰ ਸਿੰਘ ਬੌਂਦਲੀ, ਪ੍ਰਧਾਨ ਨਵਦੀਪ ਸਿੰਘ ਤੇ ਕਰਮਜੀਤ ਸਿੰਘ ਹਲਕਾ ਪ੍ਰਧਾਨ ਆਮ ਆਦਮੀ ਪਾਰਟੀ ਨੇ ਦੱਸਿਆ ਕਿ ਸਮੂਹ ਗ੍ਰਾਮ ਪੰਚਾਇਤ ਤੇ ਇਲਾਕਾ ਨਿਵਾਸੀਆਂ ਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਦੰਗਲ ਮੇਲੇ ਵਿੱਚ ਝੰਡੀ ਦੀ ਕੁਸ਼ਤੀ ਸ਼ਾਨਵੀਰ ਕੋਹਾਲੀ ਅਤੇ ਨਿਸ਼ਾਤ ਬਾਬਾ ਫਲਾਈ ਵਿਚਕਾਰ ਕਰਵਾਈ ਗਈ ਜਿਸ ਵਿੱਚ ਸ਼ਾਨਵੀਰ ਕੋਹਾਲੀ ਨੇ ਪੁਆਇੰਟ ਤੇ ਇਹ ਕੁਸ਼ਤੀ ਜਿੱਤੀ। ਇਸ ਤੋਂ ਇਲਾਵਾ ਸੰਤ ਕਿਰਪਾਲ ਡੂਮਛੇੜੀ ਨੇ ਵਿੱਕੀ ਮਲਕਪੁਰ ਨੂੰ ਹਰਾਇਆ, ਜੱਸਾ ਢਿੱਲਵਾਂ ਨੇ ਮਾਨਾ ਡੂਮਛੇੜੀ ਨੂੰ ਹਰਾਇਆ। ਦੰਗਲ ਮੇਲੇ ਦੀ ਕੁਮੈਂਟਰੀ ਨਾਜਰ ਖੇੜੀ, ਹੀਰਾ ਖੇੜੀ ਅਤੇ ਹਰਜੀਤ ਲੱਲ ਕਲਾਂ ਨੇ ਸਾਂਝੇ ਰੂਪ ਵਿੱਚ ਨਿਭਾਈ। ਇਸ ਦੰਗਲ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਸਮਰਾਲਾ ਤੋਂ ਵਿਧਾਇਕ



## ਝੰਡੀ ਦੀ ਕੁਸ਼ਤੀ ਸ਼ਾਨਵੀਰ ਕੋਹਾਲੀ ਨੇ ਨਿਸ਼ਾਤ ਬਾਬਾ ਫਲਾਹੀ ਨੂੰ ਹਰਾ ਕੇ ਜਿੱਤੀ

ਜਗਤਾਰ ਸਿੰਘ ਦਿਆਲਪੁਰਾ, ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਪਰਮਜੀਤ ਸਿੰਘ ਢਿੱਲੋਂ, ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਬਰਜਿੰਦਰ ਸਿੰਘ ਬਬਲੂ ਲੋਪੋਂ ਹਮੇਸ਼ਾ ਸ਼ਮੂਲੀਅਤ ਕੀਤੀ ਅਤੇ ਪ੍ਰਬੰਧਕਾਂ ਨੂੰ ਦੰਗਲ ਮੇਲੇ ਦੀਆਂ ਵਧਾਈਆਂ ਦਿੱਤੀਆਂ। ਪ੍ਰਬੰਧਕਾਂ ਵੱਲੋਂ ਆਏ ਮੁੱਖ ਮਹਿਮਾਨਾਂ, ਪਤਵੰਤੇ ਸੱਜਣਾਂ ਅਤੇ ਦਾਨੀ ਸੱਜਣਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਮੇਲੇ ਵਿੱਚ ਪ੍ਰਬੰਧਕਾਂ ਵੱਲੋਂ ਪ੍ਰਸਿੱਧ ਪਹਿਲਵਾਨ ਪਰਮਿੰਦਰ ਡੂਮਛੇੜੀ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਵਿੱਚ ਪਿੰਡ ਦੇ ਸਰਪੰਚ ਮਲਾਗਰ ਸਿੰਘ, ਬਲਾਕ ਸੰਮਤੀ ਮੈਂਬਰ ਨਛੱਤਰ ਸਿੰਘ ਬੌਂਦਲੀ, ਮਨੀਸ਼ ਕੁਮਾਰ ਪੰਚ, ਦਰਸ਼ਨ ਸਿੰਘ ਪੰਚ, ਬਹਾਦਰ ਸਿੰਘ ਪੰਚ, ਮਨਿੰਦਰ ਸਿੰਘ ਪੰਚ, ਲਖਬੀਰ ਸਿੰਘ ਪੰਚ ਤੋਂ ਇਲਾਵਾ ਪ੍ਰਧਾਨ ਨਵਦੀਪ ਸਿੰਘ, ਸੁਖਦੀਪ ਸਿੰਘ ਕੈਸ਼ੀਅਰ, ਕਰਮਜੀਤ ਸਿੰਘ ਹਲਕਾ ਪ੍ਰਧਾਨ ਆਮ ਆਦਮੀ ਪਾਰਟੀ, ਹਰਮੀਤ ਸਿੰਘ, ਨੋਨੀ ਮਾਂਗਟ, ਬਲਦੇਵ ਸਿੰਘ, ਜਗਮੋਹਨ ਸਿੰਘ, ਸਰਬਜੋਤ ਸਿੰਘ ਜੋਤੀ, ਜਸਕਰਨ ਸਿੰਘ ਸਿੱਧੂ, ਲਵਪ੍ਰੀਤ ਲੱਭਾ ਤੇ ਸੁਖਜੀਤ ਸਿੰਘ ਦਾ ਅਹਿਮ ਯੋਗਦਾਨ ਰਿਹਾ।

# 'ਖੇਡਾਂ ਵਤਨ ਪੰਜਾਬ ਦੀਆਂ' : ਸੀਜਨ-4 ਜਿਲ੍ਹਾ ਪੱਧਰੀ ਖੇਡਾਂ ਦਾ ਨਵਾਂਸ਼ਹਿਰ ਵਿਖੇ ਕੀਤਾ ਉਦਘਾਟਨ : ਜਿਲ੍ਹਾ ਖੇਡ ਅਫਸਰ

(ਨਿਊਜ਼ ਚੈਕ ਪੋਸਟ) ਨਵਾਂਸ਼ਹਿਰ। ਪੰਜਾਬ ਸਰਕਾਰ ਵਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026-27 ਸੀਜਨ-4 ਦੇ ਜਿਲ੍ਹਾ ਪੱਧਰੀ ਖੇਡਾਂ ਦਾ ਉਦਘਾਟਨ ਸਹਾਇਕ ਕਮਿਸ਼ਨਰ ਰਮਨਜੀਤ ਵਲੋਂ ਕੀਤਾ ਗਿਆ। ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀਮਤੀ ਵੰਦਨਾ ਚੌਹਾਨ ਜਿਲ੍ਹਾ ਖੇਡ ਅਫਸਰ ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਇਸ ਖੇਡਾਂ ਵਤਨ ਪੰਜਾਬ ਦੀਆਂ 2026 ਦੇ ਜਿਲ੍ਹਾ ਪੱਧਰੀ ਖੇਡਾਂ ਦੇ ਉਦਘਾਟਨ ਸਮਾਰੋਹ ਦੇ ਮੌਕੇ 'ਤੇ ਨਵਾਂਸ਼ਹਿਰ ਦੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੋਬੀ ਕੰਗ, ਸ੍ਰ. ਸਤਨਾਮ ਸਿੰਘ ਜਲਵਾਹਾ ਚੇਅਰਮੈਨ ਇੰਪਰੂਵਮੈਂਟ ਟਰਸਟ ਨਵਾਂਸ਼ਹਿਰ, ਸ੍ਰੀਮਤੀ ਸੋਨੀਆ ਵਾਲੀਆ ਪ੍ਰਿੰਸੀਪਲ ਕੈਂਬਰੇਜ ਇੰਟਰਨੈਸ਼ਨਲ ਸਕੂਲ ਕਰੀਹਾ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਉਦਘਾਟਨ ਮੌਕੇ ਵੱਖ-ਵੱਖ ਵਿਸ਼ੇਸ ਮਹਿਮਾਨਾ ਵਲੋਂ ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ ਖੇਡਾਂ ਵਤਨ ਪੰਜਾਬ ਦੀਆਂ ਦੇ ਸੀਜਨ 4 ਦੀ ਭਰਪੂਰ ਸ਼ਲਾਘਾ ਕਰਦਿਆਂ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦਿਆਂ ਆਪਣੇ ਸੰਬੋਧਨ ਵਿੱਚ ਖਿਡਾਰੀਆਂ ਨੂੰ ਵੱਧ ਤੋਂ ਵੱਧ ਖੇਡਾਂ ਵੱਧ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਕਰਾਟੇ ਅਕੈਡਮੀ ਬੰਗਾ, ਸ.ਸ.ਸ.ਸਕੂਲ ਗਰਲੇ ਢਾਹਾਂ, ਜੁਡੋ-ਕਰਾਟੇ ਟਰੇਨਿੰਗ ਸੈਂਟਰ ਨਵਾਂ ਸ਼ਹਿਰ ਦੇ ਬੱਚਿਆਂ ਵਲੋਂ ਸਭਿਆਚਾਰ ਪ੍ਰੋਗਰਾਮ ਅਤੇ ਗੇਮ ਨਾਲ ਸਬੰਧਤ ਪੇਸ਼ਕਾਰੀਆਂ ਕੀਤੀਆਂ ਗਈਆਂ। ਉਹਨਾਂ ਅੱਗੇ ਦੱਸਿਆ ਕਿ ਇਹ ਜਿਲ੍ਹਾ ਪੱਧਰੀ ਖੇਡਾਂ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਖੇਡ ਸਥਾਨਾ ਤੇ 29 ਸਤੰਬਰ 2026 ਤੋਂ 4 ਅਕਤੂਬਰ 2026 ਤੱਕ ਚਲਣਗੀਆਂ ਜਿਸ ਵਿੱਚ ਐਥਲੈਟਿਕਸ, ਕਬੱਡੀ (ਸਰਕਲ ਸਟਾਈਲ), ਵਾਲੀਬਾਲ ਦੇ ਮੁਕਾਬਲੇ ਆਈ.ਟੀ.ਆਈ ਗਰਾਂਉਂਡ ਅਤੇ ਖੋ-ਖੋ, ਫੁੱਟਬਾਲ ਦੇ ਮੁਕਾਬਲੇ ਜੇ.ਐਸ.ਐਫ.ਐਚ ਖਾਲਸਾ ਸਕੂਲ, ਨਵਾਂਸ਼ਹਿਰ ਵਿਖੇ ਕਰਵਾਏ ਜਾਣਗੇ। ਬੈਡਮਿੰਟਨ ਅਤੇ ਕਬੱਡੀ (ਨੈਸ਼ਨਲ) ਦੇ ਮੁਕਾਬਲੇ ਇੰਡੋਰ ਸਟੇਡੀਅਮ ਭੰਗਲ ਕਲਾਂ ਵਿਖੇ ਕਰਵਾਏ ਜਾਣਗੇ। ਅੱਜ ਉਦਘਾਟਨੀ ਮੌਕੇ ਕਰਵਾਏ ਗਏ ਖੇਡ ਮੁਕਾਬਲਿਆਂ ਦੌਰਾਨ ਅੰਡਰ 14 (ਲੜਕੀਆਂ) 600 ਮੀਟਰ ਦੇ ਮੁਕਾਬਲਿਆਂ ਵਿੱਚ ਬਾਣੀ ਈਸ਼ਵਰੀ ਨੇ ਪਹਿਲਾ, ਬਲਵਿੰਦਰ ਕੌਰ ਨੇ ਦੂਜਾ ਅਤੇ ਮਾਨਵੀ ਨੇ ਤੀਜਾ ਸਥਾਨ ਹਾਸਲ ਕੀਤਾ ਅੰਡਰ 14 (ਲੜਕੇ) 600 ਮੀਟਰ ਮੁਕਾਬਲਿਆਂ ਵਿੱਚ ਹਰਕੀਰਤ ਕੁਮਾਰ ਨੇ ਪਹਿਲਾ, ਹਿਮਾਂਸੂ ਨੇ ਦੂਜਾ ਅਤੇ ਹਰਸ਼ਿਤ ਨੇ ਤੀਜਾ ਸਥਾਨ ਹਾਸਲ ਕੀਤਾ ਕਬੱਡੀ (ਸਰਕਲ ਸਟਾਇਲ) ਮੁਕਾਬਲਿਆਂ ਵਿੱਚ ਅੰਡਰ 17 ਵਿੱਚ ਮਾਈ ਭਾਗੋ ਜਗਤਪੁਰ ਨੇ ਪਹਿਲਾ, ਬਾਬਾ ਸਖੀ ਰਾਮ ਅਖਾੜਾ ਕਾਠਗੜ ਨੇ ਦੂਜਾ ਅਤੇ ਮਹਿਮੂਦਪੁਰ ਨੇ ਤੀਜਾ ਸਥਾਨ ਹਾਸਲ ਕੀਤਾ।

ਚੈਕ ਪੋਸਟ

# ਸੰਜੀਵ ਤਲਵਾੜ ਨੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਦੀ ਜਥੇਬੰਦੀ ਕੀਤੀ ਭੰਗ

• ਨਵੀਂ ਜਥੇਬੰਦੀ ਦਾ ਗਠਨ ਜਲਦ, ਸਮਰਪਿਤ ਤੇ ਸਰਗਰਮ ਵਰਕਰਾਂ ਨੂੰ ਮਿਲੇਗੀ ਜ਼ਿੰਮੇਵਾਰੀ

(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਦੇ ਪ੍ਰਧਾਨ ਸੰਜੀਵ ਤਲਵਾੜ ਨੇ ਮੌਜੂਦਾ ਜ਼ਿਲ੍ਹਾ ਜਥੇਬੰਦੀ ਨੂੰ ਭੰਗ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਲਵਾੜ ਨੇ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਨਵੀਂ ਜ਼ਿਲ੍ਹਾ ਜਥੇਬੰਦੀ ਦਾ ਗਠਨ ਜਲਦ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਨਵੇਂ ਚੁਣੇ ਗਏ ਸਰਕਲ ਪ੍ਰਧਾਨ ਪਹਿਲਾਂ ਦੀ ਤਰ੍ਹਾਂ ਆਪਣੀ-ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਾਰਟੀ ਦਾ ਕੰਮ ਜਾਰੀ ਰੱਖਣਗੇ। ਸਰਕਲ ਪੱਧਰ 'ਤੇ ਜਥੇਬੰਦਕ ਗਤੀਵਿਧੀਆਂ ਵਿੱਚ ਕਿਸੇ ਤਰ੍ਹਾਂ ਦੀ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ। ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਤੋਂ ਜਾਰੀ ਪ੍ਰੈਸ ਨੋਟ ਵਿੱਚ ਤਲਵਾੜ ਨੇ ਕਿਹਾ ਕਿ ਨਵੀਂ ਜਥੇਬੰਦੀ ਦਾ ਮੁੱਖ ਉਦੇਸ਼ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨਾ ਅਤੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਸਰਗਰਮ ਬਣਾਉਣਾ ਹੋਵੇਗਾ। ਨਵੀਂ ਜਥੇਬੰਦੀ ਵਿੱਚ ਪਾਰਟੀ ਪ੍ਰਤੀ ਸਮਰਪਿਤ, ਸਰਗਰਮ ਅਤੇ ਲਗਾਤਾਰ ਕੰਮ ਕਰਨ ਵਾਲੇ ਆਗੂਆਂ ਤੇ ਵਰਕਰਾਂ ਨੂੰ ਉਚਿਤ ਜ਼ਿੰਮੇਵਾਰੀਆਂ ਦਿੱਤੀਆਂ ਜਾਣਗੀਆਂ। ਸੰਜੀਵ ਤਲਵਾੜ ਨੇ ਕਿਹਾ ਕਿ ਮਿਸ਼ਨ 2027 ਸ਼੍ਰੋਮਣੀ ਅਕਾਲੀ ਦਲ ਅਤੇ ਪੰਜਾਬ ਦੇ ਭਵਿੱਖ ਲਈ ਇੱਕ ਮਹੱਤਵਪੂਰਨ ਟੀਚਾ ਹੈ। ਇਸ ਲਈ ਪਾਰਟੀ ਦੇ ਹਰੇਕ ਆਗੂ ਅਤੇ ਵਰਕਰ ਨੂੰ ਆਪਣੀ ਭੂਮਿਕਾ ਨੂੰ ਸਮਝਦਿਆਂ ਪੂਰੀ ਤਨਦੇਹੀ ਨਾਲ ਜਥੇਬੰਦਕ ਕੰਮ ਵਿੱਚ ਯੋਗਦਾਨ ਪਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਤਾਕਤ ਇਸ ਦੇ ਮਿਹਨਤੀ ਵਰਕਰ ਹਨ ਅਤੇ ਨਵੀਂ ਜਥੇਬੰਦੀ ਰਾਹੀਂ ਸੀਨੀਅਰ ਆਗੂਆਂ ਦੇ ਤਜਰਬੇ ਅਤੇ ਨੌਜਵਾਨ ਤੇ ਸਰਗਰਮ ਵਰਕਰਾਂ ਦੀ ਊਰਜਾ ਨੂੰ ਇਕੱਠਾ ਕਰਕੇ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕੀਤਾ ਜਾਵੇਗਾ। ਤਲਵਾੜ ਨੇ ਸਮੂਹ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਤਾਲਮੇਲ ਅਤੇ ਇਕਜੁੱਟਤਾ ਨਾਲ ਪਾਰਟੀ ਦੀਆਂ ਗਤੀਵਿਧੀਆਂ ਨੂੰ ਅੱਗੇ ਵਧਾਉਣ ਅਤੇ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਆਪਣੀ ਸਰਗਰਮ ਭੂਮਿਕਾ ਨਿਭਾਉਣ।



ਚੈਕ ਪੋਸਟ

# ਫੁੱਟਬਾਲ 14 ਸਾਲ ਲੜਕੇ ਦਾ ਰਾਜ ਪੱਧਰੀ ਟੂਰਨਾਮੈਂਟ ਨਵਾਂਸਹਿਰ ਵਿਖੇ ਸ਼ੁਰੂ

(ਨਿਊਜ਼ ਚੈਕ ਪੋਸਟ) ਨਵਾਂਸਹਿਰ। ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ 70 ਵੀਆਂ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਤਹਿਤ ਫੁੱਟਬਾਲ ਉਮਰ ਗੁੱਟ 14 ਸਾਲ ਲੜਕਿਆਂ ਦਾ ਟੂਰਨਾਮੈਂਟ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਅਨੀਤਾ ਸ਼ਰਮਾ ,ਉਪ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਲਖਵੀਰ ਸਿੰਘ ਅਤੇ ਦਵਿੰਦਰ ਕੌਰ ਜਿਲ੍ਹਾ ਖੇਡ ਕੋਆਰਡੀਨੇਟਰ ਦੀ ਅਗਵਾਈ ਵਿੱਚ ਨਵਾਂਸਹਿਰ ਵਿਖੇ ਸੁਰੂ ਹੋਇਆ। ਇਸ ਰਾਜ ਪੱਧਰੀ ਟੂਰਨਾਮੈਂਟ ਦਾ ਉਦਘਾਟਨ ਬਲਾਚੌਰ ਦੀ ਵਿਧਾਇਕਾ ਸੰਤੋਸ਼ ਕਟਾਰੀਆ ਵਲੋਂ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਇਹਨਾਂ ਖਿਡਾਰੀਆ ਨੂੰ ਆਸ਼ੀਰਵਾਦ ਦਿੰਦੇ ਹੋਏ ਨੇ ਕਿਹਾ ਕਿ ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਵਿੱਚ ਖੇਡਾਂ ਦੇਵਿਕਾਸ ਲਈ ਵਿਸ਼ੇਸ ਉਪਰਾਲੇ ਕੀਤੇ ਜਾ ਰਹੇ ਹਨ ਇਸੇ ਤਹਿਤ ਖੇਡਾਂ ਵਤਨ ਦੀਆਂ ਕਰਵਾ ਕੇ ਨੌਜਵਾਨਾਂ ਨੂੰ ਨਸ਼ਿਆ ਤੋਂ ਦੂਰ ਕਰਦੇ ਹੋਏ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ ਤੇ ਪਿੰਡਾਂ ਵਿੱਚ ਖੇਡ ਦੇ ਮੈਦਾਨ ਬਣਾਏ ਜਾ ਰਹੇ ਹਨ। ਉਹਨਾਂ ਕਿਹਾ ਅੱਜ ਸਾਡਾ ਦੇਸ ਅਤੇ ਸੂਬਾ ਖੇਡਾਂ ਦੇ ਖੇਤਰ ਵਿਚ ਕਾਫੀ ਅਗੇ ਜਾਣ ਲੱਗਿਆ ਹੈ।ਇਸ ਮੌਕੇ ਜਿਲ੍ਹਾ ਸਿੱਖਿਆ ਅਫਸਰ ਅਨੀਤਾ ਸ਼ਰਮਾ , ਉਪ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ) ਲਖਵੀਰ ਸਿੰਘ ਵਲੋਂ ਬਾਹਰੋਂ ਆਈਆਂ ਟੀਮਾਂ ਅਤੇ ਮਹਿਮਾਨਾਂ ਨੂੰ ਜੀ ਆਇਆ ਆਖਿਆ ਅਤੇ ਖੇਡਾਂ ਅਨੁਸਾਸਨ ਵਿੱਚ ਰਹਿ ਖੇਡਣ ਦੀ ਅਪੀਲ ਕੀਤੀ। ।ਇਸ ਮੌਕੇ ਉਹਨਾਂ ਨਾਲ ਜਿਲਾ ਸਪੋਰਟਸ ਕੋਆਰਡੀਨੇਟਰ ਦਵਿੰਦਰ ਕੌਰ,ਪ੍ਰਿੰਸੀਪਲ ਦਲਜੀਤ ਸਿੰਘ ਬੋਲਾ,ਹੈਡ ਮਾਸਟਰ ਬਲਜੀਤ ਕੁਮਾਰ ,ਪਰਵਿੰਦਰ ਸਿੰਘ ਭੰਗਲ ਸਕੱਤਰ ਡੀ.ਟੀ.ਸੀ, ਹੈਡ ਮਾਸਟਰ ਗੁਰਪ੍ਰੀਤ ਸਿੰਘ ਸੈਂਪਲਾ ,ਨਵਦੀਪ ਕੁਮਾਰ ਡੀ.ਪੀ.ਈ, ਅਮਰਜੀਤ ਸਿੰਘ ਮੂਸਾਪੁਰ, ਹੈਡ ਮਾਸਟਰ ਸੰਜੀਵ ਕੁਮਾਰ, ਹਰਮੇਸ ਲਾਲ ਪੀ.ਟੀ.ਆਈ ਬੰਗਾ, ਮੱਖਣ ਸਿੰਘ ਬਖਲੌਰ, ਕਰਮਜੀਤ ਕੌਰ ਡੀ.ਪੀ.ਈ, ਲੈਕ.ਸਰਬਜੀਤ ਕੌਰ ,ਪੁਸਪਿੰਦਰ ਕੌਰ,ਕਿਰਨਜੀਤ ਕੌਰ ਨਿੱਘੀ, ਕੁਲਵਿੰਦਰ ਸਿੰਘ , ਜਗਸ਼ੀਰ ਸਿੰਘ, ਅਵਤਾਰ ਸਿੰਘ,ਪ੍ਰਮੋਦ ਕੁਮਾਰ ,ਸੁਦਾਗਰ ਰਾਮ ਆਦਿ ਸਮੇਤ ਡੀ.ਪੀ.ਈ ,ਪੀ.ਟੀ.ਆਈ ,ਨਗਰ ਨਿਵਾਸੀ ਸ਼ਅਤੇ ਆਫੀਸਲ ਹਾਜਰ ਸਨ।



ਚੈਕ ਪੋਸਟ

# ਬਲਾਚੌਰ ਵਿਖੇ ਭਾਜਪਾ ਦੀ ਅਹਿਮ ਮੀਟਿੰਗ, ਹੋਇਆ ਵਿਚਾਰ-ਵਟਾਂਦਰਾ



.(ਜਤਿੰਦਰਪਾਲ ਸਿੰਘ ਕਲੇਰ) ਬਲਾਚੌਰ। ਬਲਾਚੌਰ ਵਿਖੇ ਅੱਜ ਭਾਰਤੀ ਜਨਤਾ ਪਾਰਟੀ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ ਪਾਰਟੀ ਦੀਆਂ ਗਤੀਵਿਧੀਆਂ, ਸੰਗਠਨਾਤਮਕ ਮਾਮਲਿਆਂ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਕੇਂਦਰੀ ਰਾਜ ਮੰਤਰੀ ਕ੍ਰਿਸ਼ਨ ਪਾਲ ਗੁੱਜਰ ਅਤੇ ਚੌਧਰੀ ਕੁੰਵਰਪਾਲ ਗੁੱਜਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਬਲਾਚੌਰ ਹਲਕੇ ਨਾਲ ਸਬੰਧਤ ਭਾਜਪਾ ਦੀ ਸੀਨੀਅਰ ਲੀਡਰਸ਼ਿਪ ਅਤੇ ਆਗੂਆਂ ਨੇ ਵੀ ਸ਼ਮੂਲੀਅਤ ਕਰਦਿਆਂ ਸੰਗਠਨ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਮੀਟਿੰਗ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਬਾਂਠ ਰੱਤੇਵਾਲ, ਰਿਟਾਇਰਡ ਆਈ.ਪੀ.ਐੱਸ., ਸੀਨੀਅਰ ਆਗੂ ਵਿਜੇ ਭਾਟੀਆ ਸੰਡਰੇਵਾਲ ਸੀਨੀਅਰ ਭਾਜਪਾ ਆਗੂ ਸ਼ੁਭਾਸ਼ ਬਾਂਠ ਇ, ਵਰਿੰਦਰ ਸੈਣੀ ਬਲਾਚੌਰ, ਗੁਰਨਾਮ ਕਸਾਨਾਂ, ਮੋਹਨ ਲਾਲ ਬਾਗੜੀ ਸਮੇਤ ਹੋਰ ਪਾਰਟੀ ਆਗੂ ਮੌਜੂਦ ਰਹੇ। ਆਗੂਆਂ ਨੇ ਪਾਰਟੀ ਦੀਆਂ ਮੌਜੂਦਾ ਗਤੀਵਿਧੀਆਂ, ਸੰਗਠਨਾਤਮਕ ਢਾਂਚੇ ਅਤੇ ਵਰਕਰਾਂ ਨਾਲ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਭਾਜਪਾ ਆਗੂਆਂ ਨੇ ਕਿਹਾ ਕਿ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਰਕਰਾਂ ਦੀ ਭੂਮਿਕਾ ਅਹਿਮ ਹੈ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਮੀਟਿੰਗ ਵਿੱਚ ਬੂਥ ਪੱਧਰ ਤੱਕ ਸੰਗਠਨ ਨੂੰ ਸਰਗਰਮ ਕਰਨ, ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਪਾਰਟੀ ਦੇ ਸੰਗਠਨਾਤਮਕ ਕੰਮਾਂ ਨੂੰ ਹੋਰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਸਬੰਧੀ ਵੀ ਚਰਚਾ ਕੀਤੀ ਗਈ। ਕੇਂਦਰੀ ਆਗੂਆਂ ਅਤੇ ਸਥਾਨਕ ਸੀਨੀਅਰ ਲੀਡਰਸ਼ਿਪ ਵਿਚਕਾਰ ਹੋਈ ਇਸ ਮੀਟਿੰਗ ਨੂੰ ਬਲਾਚੌਰ ਵਿੱਚ ਭਾਜਪਾ ਦੀਆਂ ਸੰਗਠਨਾਤਮਕ ਗਤੀਵਿਧੀਆਂ ਦੇ ਸੰਦਰਭ ਵਿੱਚ ਅਹਿਮ ਮੰਨਿਆ ਜਾ ਰਿਹਾ ਹੈ। ਮੀਟਿੰਗ ਦੌਰਾਨ ਆਗੂਆਂ ਨੇ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਵਰਕਰਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ।

ਚੈਕ ਪੋਸਟ

# ਵਿਰੋਧੀ ਸਿਹਤ ਬੀਮਾ ਯੋਜਨਾ ਬਾਰੇ ਲੋਕਾਂ ਨੂੰ ਗੁੰਮਰਾਹ ਕਰਕੇ ਆਪਣੇ ਆਪ ਦਾ ਹੀ ਉਡਾ ਰਹੇ ਨੇ ਮਜ਼ਾਕ : ਕੁਲਵੰਤ ਸਿੰਘ

(ਨਿਊਜ਼ ਚੈਕ ਪੋਸਟ) ਮੋਹਾਲੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੇ ਵਿੱਚ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਦੇ ਵਿੱਚ ਵੱਡੇ ਪੱਧਰ ਤੇ ਕੈਂਪ ਲਗਾਏ ਗਏ ਹਨ, ਅਤੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਦੇ ਵੱਲੋਂ ਖੁਦ ਇਹਨਾਂ ਕੈਂਪਾਂ ਦੇ ਵਿੱਚ ਸ਼ਮੂਲੀਅਤ ਕਰਕੇ ਲੋਕਾਂ ਨੂੰ ਕਾਰਡ ਵੰਡੇ ਜਾ ਰਹੇ ਹਨ, ਤਾਂ ਕਿ ਸਮੇਂ ਸਿਰ ਲੋਕਾਂ ਨੂੰ ਇਸ ਕਾਰਡ ਦਾ ਫਾਇਦਾ ਮਿਲ ਸਕੇ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਅੱਜ ਬਿਲੌਂਗੀ ਅਤੇ ਦਾਉ ਪਿੰਡ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਕਾਰਡ ਵੰਡੇ ਗਏ ਹਨ, ਅਤੇ ਇਹ ਯੋਜਨਾ ਚਾਰ -ਪੰਜ ਮਹੀਨੇ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਸੀ, ਅਤੇ ਉਦੋਂ ਤੋਂ ਹੀ ਲੋਕਾਂ ਦੇ ਮੁਫਤ ਇਲਾਜ ਹੋਣੇ ਸ਼ੁਰੂ ਗਏ ਹਨ, ਹੁਣ ਰਜਿਸਟਰੇਸ਼ਨ ਕਰਕੇ ਲੋਕਾਂ ਦੇ ਕਾਰਡ ਬਣਾ ਕੇ ਉਹਨਾਂ ਨੂੰ ਸਪੁਰਦ ਕੀਤੇ ਜਾ ਰਹੇ ਹਨ, ਸਰਕਾਰੀ ਅਧਿਕਾਰੀਆਂ ਵੱਲੋਂ ਘਰ -ਘਰ ਜਾ ਕੇ ਲੋਕਾਂ ਨੂੰ ਬੀਮਾ ਯੋਜਨਾ ਦੇ ਕਾਰਡ ਵੰਡੇ ਜਾ ਰਹੇ ਹਨ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ ਜਿਹੜੇ ਹਸਪਤਾਲ ਲਿਸਟਡ ਹਨ, ਉਹਨਾਂ ਵਿੱਚ ਬਿਨਾਂ ਕਿਸੇ ਸਿਫਾਰਿਸ਼ ਦੇ ਸਿਰਫ ਜੇਬ ਦੇ ਵਿੱਚ ਕਾਰਡ ਹੋਣ ਦੇ ਨਾਲ ਹੀ 10 ਲੱਖ ਰੁਪਏ ਤੱਕ ਦਾ ਇੱਕ ਪਰਿਵਾਰ ਦਾ ਇਲਾਜ ਹੁੰਦਾ ਹੈ, ਜਿਹੜੇ ਹਸਪਤਾਲ ਇਸ ਯੋਜਨਾ ਦੇ ਵਿੱਚ ਲਿਸਟਿਡ ਹੀ ਨਹੀਂ ਹਨ ,ਉੱਥੇ ਇਲਾਜ ਕਿੰਝ ਹੋ ਸਕੇਗਾ, ਪਰੰਤੂ ਵਿਰੋਧੀ ਪਾਰਟੀਆਂ ਦੇ ਨੇਤਾ ਆਪਣੇ ਆਪ ਦਾ ਮਜ਼ਾਕ ਉਡਾ ਰਹੇ ਹਨ, ਅਤੇ ਉਹ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਮੇਰੀ ਇਹ ਵਿਰੋਧੀ ਪਾਰਟੀ ਦੇ ਅਜਿਹੇ ਨੇਤਾਵਾਂ ਨੂੰ ਅਪੀਲ ਹੈ ਕਿ ਉਹ ਕੋਈ ਏਜੰਡਾ ਲੈ ਕੇ ਲੋਕਾਂ ਵਿੱਚ ਜਾਣ, ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈਆ ਲੋਕ ਪੱਖੀ ਸਕੀਮਾਂ ਦੇ ਬਾਰੇ ਵਿੱਚ ਲੋਕਾਂ ਨੂੰ ਗੁਮਰਾਹ ਕਰਨਾ ਬੰਦ ਕਰ ਦੇਣ, ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਮੈਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦਾ ਧੰਨਵਾਦੀ ਹਾਂ, ਜਿਨ੍ਹਾਂ ਨੇ ਅਜਿਹੀ ਸਕੀਮ ਲੋਕਾਂ ਦੀ ਭਲਾਈ ਲਈ ਲੈ ਕੇ ਆਂਦੀ ਅਤੇ ਇਹ ਸਿਹਤ ਬੀਮਾ ਯੋਜਨਾ ਭਾਰਤ ਦੀ ਪਹਿਲੀ ਅਜਿਹੀ ਯੋਜਨਾ ਹੈ, ਜਿਸ ਨਾਲ ਇੱਕ ਪਰਿਵਾਰ ਦਾ 10 ਲੱਖ ਰੁਪਏ ਤੱਕ ਦਾ ਇਲਾਜ ਸੰਭਵ ਹੋ ਸਕਿਆ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਕੌਮੀ ਕਨਵੀਨਰ ਆਮ ਆਦਮੀ ਪਾਰਟੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਰਾਂ ਦੇ ਵੱਲੋਂ ਜੋ ਗਰੰਟੀਆਂ ਅਤੇ ਜੋ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹਨਾਂ ਨੂੰ ਪੂਰੇ ਕਰ ਦਿੱਤਾ ਗਿਆ ਹੈ ਅਤੇ ਉਸ ਤੋਂ ਵੀ ਅੱਗੇ ਸੀਨੀਅਰ ਸਿਟੀਜਨ ਦੀ ਸਹੂਲਤ ਅਤੇ ਆਸਥਾ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, 10 ਲੱਖ ਰੁਪਏ ਦੇ ਸਿਹਤ ਬੀਮਾ ਯੋਜਨਾ, ਲੋਕਾਂ ਲਈ ਜਿਮ, ਯੋਗਾ ਕਲਾਸਾਂ , ਖੇਡ ਸਟੇਡੀਅਮ ਦੀ ਉਸਾਰੀ, ਕੀਤੀ ਜਾ ਰਹੀ ਹੈ ਤਾਂ ਕਿ ਪੰਜਾਬ ਦੇ ਲੋਕ ਤੰਦਰੁਸਤ ਰਹਿਣ ਅਤੇ ਉਹ ਬਿਮਾਰੀਆਂ ਤੋਂ ਬਚ ਸਕਣ ,ਪ੍ਰੰਤੂ ਫਿਰ ਵੀ ਜੇਕਰ ਕਿਸੇ ਨੂੰ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਆਪਣਾ ਇਲਾਜ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਕਰਵਾ ਸਕਣ, ਅਤੇ ਹੁਣ ਪੰਜਾਬ ਦੇ ਲੋਕਾਂ ਨੇ ਖੁਦ ਹੀ ਇਸ ਗੱਲ ਦਾ ਫੈਸਲਾ ਕਰਨਾ ਹੈ ਕਿ ਅਜਿਹੀਆਂ ਪਾਰਟੀਆਂ ਨੂੰ ਮੂੰਹ ਨਾ ਲਗਾਉਣ, ਜਿਨ੍ਹਾਂ ਨੇ 25 ਤੋਂ 30 ਸਾਲ ਰਾਜ ਕਰਕੇ ਵੀ ਪੰਜਾਬ ਦਾ ਕੁਝ ਨਹੀਂ ਸਵਾਰਿਆ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਅਗਲੇ 5 ਸਾਲ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਪੰਜਾਬ ਵਿੱਚ ਫਿਰ ਤੋਂ ਲਿਆਉਣਾ ਚਾਹੀਦਾ ਹੈ ਤਾਂ ਕਿ ਲੋਕ ਭਲਾਈ ਸਕੀਮਾਂ ਨੂੰ ਲਗਾਤਾਰ ਚੱਲਦਾ ਰੱਖਿਆ ਜਾਵੇ, ਉਸ ਤੋਂ ਵੀ ਅਗਾਹ ਪੰਜਾਬ ਦੇ ਵਿਕਾਸ ਦੀ ਗੱਲ ਹੋ ਸਕੇ, ਪੰਜਾਬ ਦੇ ਲੋਕੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਫਾਇਦਾ ਉਠਾ ਸਕਣ, ਇਸ ਦੇ ਲਈ ਆਮ ਆਦਮੀ ਪਾਰਟੀ ਦੇ ਵਰਕਰਾਂ ਸਮਰਥਕਾਂ ਦੇ ਵੱਲੋਂ ਵੱਡੀ ਪੱਧਰ ਤੇ ਬਕਾਇਦਾ ਕੈਂਪ ਲਗਾ ਕੇ ਲੋਕਾਂ ਦੀ ਰਜਿਸਟਰੇਸ਼ਨ ਕੀਤੇ ਜਾਣ ਦੇ ਵਿੱਚ ਵੀ ਮਦਦ ਕੀਤੀ ਜਾ ਰਹੀ ਹੈ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਯੋਜਨਾ ਆਮ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਹੇਠ ਹਜ਼ਾਰਾਂ ਪਰਿਵਾਰਾਂ ਨੂੰ ਉੱਚ ਪੱਧਰੀ ਇਲਾਜ ਦੀ ਸਹੂਲਤ ਮਿਲ ਰਹੀ ਹੈ ਅਤੇ ਗਰੀਬ ਤੇ ਮੱਧਵਰਗ ਪਰਿਵਾਰਾਂ ਨੂੰ ਵੱਡੀ ਆਰਥਿਕ ਰਾਹਤ ਪ੍ਰਾਪਤ ਹੋ ਰਹੀ ਹੈ। ਉਨ੍ਹਾਂ ਕਿਹਾ, "ਸਾਡਾ ਮਕਸਦ ਹੈ ਕਿ ਹਲਕੇ ਦਾ ਕੋਈ ਵੀ ਵਿਅਕਤੀ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹੇ। ਇਸ ਲਈ ਵੱਖ-ਵੱਖ ਥਾਵਾਂ 'ਤੇ ਰਜਿਸਟਰੇਸ਼ਨ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਨਾ ਲਗਾਉਣ ਪੈਣ। ਮੋਹਾਲੀ ਹਲਕੇ ਵਿੱਚ ਲਗੇ ਕੈਂਪਾਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ ਅਤੇ ਮੌਕੇ 'ਤੇ ਹੀ ਆਪਣੀ ਰਜਿਸਟਰੇਸ਼ਨ ਪ੍ਰਕਿਰਿਆ ਪੂਰੀ ਕਰਵਾਈ। ਵਿਧਾਇਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰਜਿਸਟਰੇਸ਼ਨ ਪ੍ਰਕਿਰਿਆ ਸਧਾਰਣ ਅਤੇ ਪਾਰਦਰਸ਼ੀ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਤੇ ਮੌਕੇ ਤੇ ਆਰ ਪੀ ਸ਼ਰਮਾ, ਹਰਪਾਲ ਸਿੰਘ ਚੰਨਾ, ਕੁਲਦੀਪ ਸਿੰਘ ਸਾਮਣਾ, ਜਸਪਾਲ ਸਿੰਘ ਮਟੌਰ, ਅਮਰਜੀਤ ਸਿੰਘ ਸਿੱਧੂ, ਗੁਰਨਾਮ ਸਿੰਘ ਸਰਪੰਚ ਦਾਉ, ਮਲਕੀਤ ਸਿੰਘ ਬਾਲਕ ਪ੍ਰਧਾਨ, ਸਰਬਜੀਤ ਕੌਰ ਬਾਲਕ ਪ੍ਰਧਾਨ, ਨੇਸ਼ੀ ਦਾਉ, ਗੁਰਜਿੰਦਰ ਸਿੰਘ ਬੱਲੋਮਾਜਰਾ, ਅਮਿਤ ਵਰਮਾ, ਹਰਪਾਲ ਸਿੰਘ ਬਰਾੜ - ਕੌਂਸਲਰ ਵੀ ਹਾਜ਼ਰ ਸਨ।



ਚੈਕ ਪੋਸਟ



*ਜਲੰਧਰ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਤੋਖਪੁਰਾ ਨਵੀਂ ਅਵਾਦੀ ਵੱਲੋ ਪ੍ਰਧਾਨ ਬਲਜਿੰਦਰ ਭੱਟੀ ਤੇ ਸਮੂਹ ਕਮੇਟੀ ਮੈਂਬਰਾ ਦੇ ਸਹਿਯੋਗ ਨਾਲ ਅੱਜ ਇਕ ਮੈਡੀਕਲ ਕੈਂਪ ਪਿਮਸ ਹਸਪਤਾਲ ਦੇ ਵੱਲੋ ਲਗਾਇਆ ਗਿਆ। ਕੈਂਪ 'ਚ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ। ਕੈਂਪ ਦੇ ਦੌਰਾਨ ਬਲੱਡ ਪ੍ਰੈਸ਼ਰ, ਸ਼ੂਗਰ, ਅੱਖਾਂ ਦੀ ਜਾਂਚ ਬਿਲਕੁਲ ਮੁਫਤ ਕੀਤੀ ਗਈ। ਸੁਸਾਇਟੀ ਦੇ ਪ੍ਰਧਾਨ ਨੇ ਦੱਸਿਆ ਸੁਸਾਇਟੀ ਦਾ ਮੁੱਖ ਮਕਸਦ ਗਰੀਬ ਤੇ ਲੋੜਵੰਦ ਲੋਕਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣਾ ਹੈ। 110 ਤੋਂ ਵੱਧ ਮਰੀਜ਼ਾਂ ਨੇ ਲਾਭ ਲਿਆ। ਕੈਂਪ ਦੌਰਾਨ ਸਾਰੇ ਮਰੀਜ਼ਾਂ ਨੂੰ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ। ਅੰਤ 'ਚ ਸੁਸਾਇਟੀ ਵੱਲੋਂ ਸਾਰੇ ਡਾਕਟਰਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ। (ਫੋਟੋ/ਵੇਰਵਾ : ਰੇਸ਼ਮ ਬੱਧਣ)*

ਚੈਕ ਪੋਸਟ

# ਵਿਦੇਸ਼ਾਂ 'ਚ ਸਿੱਖੀ ਸਿਧਾਂਤਾਂ ਦੇ ਪ੍ਰਚਾਰ ਉਪਰੰਤ ਵਾਪਸ ਵਤਨ ਪਰਤੇ ਸੰਤ ਬਾਬਾ ਸੁਖਵਿੰਦਰ ਸਿੰਘ ਆਲੋਵਾਲ



**(ਮੋਹਿਤ ਗਾਦੜਾ) ਲਾਡੋਵਾਲ।** ਗੁਰਦੁਆਰਾ ਸਿੰਘਾਂ ਸ਼ਹੀਦਾਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਵੱਲੋਂ ਕੈਨੇਡਾ ਅਤੇ ਅਮਰੀਕਾ ਵਿੱਚ ਸਿੱਖੀ ਸਿਧਾਂਤਾਂ ਦੇ ਪ੍ਰਚਾਰ-ਪ੍ਰਸਾਰ ਕਰਨ ਉਪਰੰਤ ਗੁਰੂ ਵਤਨ ਘਰ ਪਰਤਣ 'ਤੇ ਸੰਗਤਾਂ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਅਤੇ ਸਿਰੋਪਾਓ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਆਲੋਵਾਲ ਨੇ ਦੱਸਿਆ ਕਿ ਵਿਦੇਸ਼ਾਂ ਵਿੱਚ ਕਨੇਡਾ ਅਤੇ ਅਮਰੀਕਾ ਦੀਆਂ ਸੰਗਤਾਂ ਵੱਲੋਂ ਕਰਵਾਏ ਧਾਰਮਿਕ ਸਮਾਗਮਾਂ ਦੌਰਾਨ ਉਨ੍ਹਾਂ ਵੱਲੋਂ ਗੁਰਬਾਣੀ ਦਾ ਪ੍ਰਚਾਰ ਕੀਤਾ ਗਿਆ ਅਤੇ ਸੰਗਤਾਂ ਨੂੰ ਬਾਣੀ ਨਾਲ ਜੁੜਨ ਅਤੇ ਖੰਡੇ-ਬਾਟੇ ਦੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਅੰਮ੍ਰਿਤਧਾਰੀ ਬਣਨ ਲਈ ਪ੍ਰੇਰਿਤ ਕੀਤਾ ਗਿਆ।

ਵਾਪਸੀ ਦੌਰਾਨ ਕੁਰੂਕਸ਼ੇਤਰ ਵਿਖੇ ਗੁਰਪਾਲ ਸਿੰਘ , ਹਰਬੰਸ ਕੰਧੋਲਾ, ਤਜਿੰਦਰ ਕੰਧੋਲਾ, ਕੀਰਤ ਕੰਧੋਲਾ,ਉਰਮਲਜੀਤ ਕੌਰ ਕੰਧੋਲਾ ਪਰਿਵਾਰ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਨ ਉਪਰੰਤ ਪਰਿਵਾਰ ਵੱਲੋਂ ਚਾਹ-ਪਾਣੀ ਦਾ ਲੰਗਰ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਗਈ ਅਤੇ ਲੰਗਰ ਲਈ ਬੇਅੰਤ ਮਾਇਆ ਵੀ ਭੇਟ ਕੀਤੀ ਗਈ। ਇਸ ਦੌਰਾਨ ਗੁਰਦੁਆਰਾ ਸਿੰਘਾਂ ਸ਼ਹੀਦਾਂ ਦੇ ਪ੍ਰਬੰਧਕਾਂ ਵੱਲੋਂ ਵੀ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੀਬੀ ਕਰਮਜੀਤ ਕੌਰ ਸੰਧੂ, ਡਾ. ਅਮਰਜੋਤ ਸਿੰਘ ਸੰਧੂ, ਭਾਈ ਹਰਜੀਤ ਸਿੰਘ, ਭਾਈ ਉਂਕਾਰ ਸਿੰਘ, ਭਾਈ ਮਨਜੀਤ ਸਿੰਘ, ਭਾਈ ਜਰਨੈਲ, ਭਾਈ ਗੁਰਮੀਤ ਭਾਈ ਬਲਦੇਵ ਸਿੰਘ ਸਿੰਘ ਆਦਿ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸਿੱਖ ਕੌਮ ਬੌਧਿਕ ਪੱਧਰ 'ਤੇ ਚੇਤਨ ਹੋ ਕੇ ਮੌਜੂਦਾ ਚਣੌਤੀਆਂ ਖ਼ਿਲਾਫ ਲੜੇ : ਡਾ. ਧਾਲੀਵਾਲ

## • ਪ੍ਰੋ. ਗੁਰਮੁੱਖ ਸਿੰਘ ਧਾਰਮਿਕ ਚੇਤਨਤਾ ਦੇ ਨਾਲ-ਨਾਲ ਸਿੱਖਿਆ ਦੇ ਖੇਤਰ 'ਚ ਕੀਤੇ ਕਾਰਜ ਵੀ ਮਿਸਾਲ ਹਨ

**(ਮਨੀ ਰਸੂਲਪੁਰੀ) ਸਿੱਧਵਾਂ ਬੇਟ/ਭੂੰਦੜੀ।** ਸਿੱਖ ਕੌਮ ਬੌਧਿਕ ਪੱਧਰ 'ਤੇ ਚੇਤਨ ਹੋ ਕੇ ਮੌਜੂਦਾ ਸਮੇਂ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਖੇਤਰ 'ਚ ਦਰਪੇਸ਼ ਚਣੌਤੀਆਂ ਦਾ ਟਾਕਰਾ ਕਰ ਸਕਦੀ ਹੈ ਅਤੇ ਅਜਿਹੇ ਸਮੇਂ ਕੌਮ ਲਈ ਭਾਵਨਾ ਰੱਖਣ ਵਾਲੇ ਜਾਗਰੂਕ ਵਰਗ ਨੂੰ 19ਵੀਂ ਸਦੀ ਦੇ ਸਿੱਖ ਚਿੰਤਕ ਪ੍ਰੋ. ਗੁਰਮੁੱਖ ਸਿੰਘ ਦੀ ਉਸ ਸਮੇਂ ਵੱਡੀ ਘਾਲਣਾ ਤੋਂ ਸੇਧ ਲੈਣੀ ਚਾਹੀਦੀ ਹੈ, ਉਪਰੋਕਤ ਪ੍ਰਗਟਾਵਾ ਅੱਜ ਪ੍ਰਸਿੱਧ ਸਿੱਖ ਚਿੰਤਕ ਡਾ. ਗੁਰਵਿੰਦਰ ਸਿੰਘ ਧਾਲੀਵਾਲ ਨੇ ਗੁਰਦੁਆਰਾ ਗੁਰੂ ਸਾਗਰ ਮਸਤੂਆਣਾ ਸਾਹਿਬ ਸਰੀ ਵਿਖੇ ਗਿਆਨੀ ਦਿੱਤ ਸਿੰਘ ਸਾਹਿਤ ਸਭਾ ਸਰੀ ਵਲੋਂ ਪ੍ਰੋ. ਗੁਰਮੁੱਖ ਸਿੰਘ ਦੀ 128 ਵੀਂ ਬਰਸੀ ਮੌਕੇ ਰੱਖੇ ਇਕ ਸੈਮੀਨਾਰ ਸਮੇਂ ਕੀਤਾ, ਇਸ ਮੌਕੇ ਬੁਲਾਰਿਆਂ 'ਚ ਡਾ. ਪ੍ਰਗਟ ਸਿੰਘ, ਭਾਈ ਗਿਆਨ ਸਿੰਘ ਸੰਧੂ, ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਮਹਿੰਦਰ ਸਿੰਘ ਅਤੇ ਲੇਖਕ ਗੁਰਪ੍ਰੀਤ ਸਿੰਘ ਤਲਵੰਡੀ ਨੇ ਵੀ ਸੰਬੋਧਨ ਕੀਤਾ, ਡਾ. ਧਾਲੀਵਾਲ ਨੇ ਕਿਹਾ ਕਿ ਸਿੰਘ ਸਭਾ ਲਹਿਰ ਦੇ ਮੋਢੀ ਪ੍ਰੋ. ਗੁਰਮੁੱਖ ਸਿੰਘ ਵਲੋਂ ਉਸ ਸਮੇਂ ਧਾਰਮਿਕ ਚੇਤਨਤਾ ਦੇ ਨਾਲ ਨਾਲ ਸਿੱਖਿਆ ਦੇ ਖੇਤਰ 'ਚ ਕੀਤੇ ਕਾਰਜ ਵੀ ਮਿਸਾਲ ਹਨ, ਉਨ੍ਹਾਂ ਕਿਹਾ ਕਿ ਸਾਡੀ ਕੌਮ ਦੀ ਵੱਡੀ ਤ੍ਰਾਸਦੀ ਹੈ ਕਿ ਉਸ ਸਮੇਂ ਖ਼ਾਲਸਾ ਕਾਲਜ ਅੰਮ੍ਰਿਤਸਰ ਦੀ ਸਥਾਪਨਾ ਕਰਨ ਵਾਲੇ, ਪੰਜਾਬ ਯੂਨੀਵਰਸਿਟੀ ਲਹੌਰ 'ਚ ਪੰਜਾਬੀ ਲਾਗੂ ਕਰਵਾਉਣ ਵਾਲੇ, ਉਸ ਸਮੇਂ ਸਿੱਖੀ 'ਚ ਫੈਲ ਰਹੇ ਪਾਖੰਡਵਾਦ, ਦੇਹਧਾਰੀ ਗੁਰੂ ਡੰਮ, ਗੁਰਬਾਣੀ ਤੇ ਇਤਿਹਾਸ ਨਾਲ ਛੇੜਛਾੜ ਕਰਨ ਵਾਲੇ ਮਹਾਰਾਜਿਆਂ,ਆਪਣੇ ਨਾਂਅ ਦੀ ਭੁੱਖ ਰੱਖਣ ਵਾਲੇ ਧਨਾਢ ਸਿੱਖਾਂ ਖ਼ਿਲਾਫ ਸੰਘਰਸ਼ ਕਰਨ ਵਾਲੇ ਪ੍ਰੋ. ਗੁਰਮੁੱਖ ਸਿੰਘ ਵਰਗੀਆਂ ਸ਼ਖ਼ਸੀਅਤਾਂ ਨੂੰ ਅਸੀਂ ਭੁੱਲੇ ਬੈਠੇ ਹਾਂ, ਉਨ੍ਹਾਂ ਕਿਹਾ ਕਿ ਸਿੱਖ ਸਿਧਾਂਤ ਅਤੇ ਮਰਿਯਾਦਾ ਨੂੰ ਕਾਇਮ ਰੱਖਣ ਲਈ ਪ੍ਰੋ. ਗੁਰਮੁੱਖ ਸਿੰਘ ਅਤੇ ਗਿਆਨੀ ਦਿੱਤ ਸਿੰਘ ਦੇ ਅਹਿਮ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਣ ਦੀ ਲੋੜ ਹੈ, ਡਾ. ਧਾਲੀਵਾਲ ਨੇ ਮੌਜੂਦਾ ਸਮੇਂ ਸਿੱਖ ਕੌਮ ਸਾਹਮਣੇ ਖੜੀਆਂ ਚਣੌਤੀਆਂ ਲਈ ਵੀ ਸਾਡੇ 'ਚ ਜਾਗਰੂਕਤਾ ਦੀ ਘਾਟ ਨੂੰ ਵੀ ਇਕ ਕਾਰਨ ਦੱਸਿਆ ਤੇ ਸੱਦਾ ਦਿੱਤਾ ਆਉ ਉਨ੍ਹਾਂ ਬੁੱਧੀਜੀਵੀ ਲੇਖਕਾਂ ਨੂੰ ਯਾਦ ਕਰੀਏ, ਜਿਨ੍ਹਾਂ ਨੇ ਉਸ ਸਮੇਂ ਪੰਜਾਬੀ ਦਾ ਅਖ਼ਬਾਰ ਕੱਢ, ਮੈਗਜ਼ੀਨ ਸ਼ੁਰੂ ਕਰ ਅਤੇ ਹੋਰ ਉਪਰਾਲਿਆਂ ਰਾਹੀਂ ਕੌਮ ਨੂੰ ਜਾਗਰੂਕ ਕਰਨ ਦੇ ਯਤਨ ਕੀਤੇ, ਲੇਖਕ ਗੁਰਪ੍ਰੀਤ ਸਿੰਘ ਤਲਵੰਡੀ ਨੇ ਪ੍ਰੋ. ਗੁਰਮੁੱਖ ਸਿੰਘ ਦੀ ਘਾਲਣਾ ਅਤੇ ਜੀਵਨੀ 'ਤੇ ਚਾਨਣਾ ਪਾਇਆ, ਡਾ. ਪ੍ਰਗਟ ਸਿੰਘ ਭੁਰਜੀ ਨੇ ਵੀ ਵਿਦੇਸ਼ਾਂ 'ਚ ਵਸਦੇ ਪੰਜਾਬੀ ਭਾਈਚਾਰੇ ਨੂੰ ਆਪਣੇ ਬੱਚਿਆਂ ਨੂੰ ਮਾਤ ਭਾਸ਼ਾ ਨਾਲ ਜੋੜਨ ਦਾ ਸੱਦਾ ਦਿੰਦਿਆਂ ਪ੍ਰੋ. ਗੁਰਮੁੱਖ ਸਿੰਘ ਨੂੰ ਯਾਦ ਕੀਤਾ, ਇਸ ਮੌਕੇ ਗਿਆਨੀ ਮਹਿੰਦਰ ਸਿੰਘ ਨੇ ਇਸ ਗੁਰੂ ਘਰ ਦੀਆਂ ਧਾਰਮਿਕ ਸੇਵਾਵਾਂ ਦੇ ਨਾਲ ਸਿੱਖਿਆ ਖੇਤਰ 'ਚ ਸੇਵਾਵਾਂ ਉਪਰ ਵੀ ਚਾਨਣਾ ਪਾਇਆ, ਪ੍ਰਬੰਧਕ ਸੰਸਥਾ ਵਲੋਂ ਪੱਤਰਕਾਰ ਜੋਗਿੰਦਰ ਸਿੰਘ ਨੇ ਧੰਨਵਾਦੀ ਸ਼ਬਦਾਂ 'ਚ ਪ੍ਰੋ. ਗੁਰਮੁੱਖ ਸਿੰਘ ਨੂੰ ਯਾਦ ਕਰਦਿਆਂ ਡਾ. ਧਾਲੀਵਾਲ ਦੇ ਮੌਜੂਦਾ ਸਮੇਂ ਇਤਿਹਾਸ ਲਈ ਖੋਜ ਕਾਰਜਾਂ, ਸਿੱਖ ਇਤਿਹਾਸ ਨੂੰ ਵਿਦੇਸ਼ਾਂ 'ਚ ਸਾਡੀ ਨਵੀਂ ਪੀੜ੍ਹੀ ਦੇ ਰੂ ਬਰੂ ਕਰਨ ਅਤੇ ਸਰਕਾਰਾਂ ਨੂੰ ਇਸ ਨੂੰ ਮਾਨਤਾ ਦੇਣ ਲਈ ਕੀਤੇ ਜਾ ਰਹੇ ਯਤਨਾਂ ਦੀ ਸਲਾਘਾ ਕੀਤੀ ਅਤੇ ਸਮੂਹ ਬੁਲਾਰਿਆਂ ਦਾ ਧੰਨਵਾਦ ਕੀਤਾ, ਇਸ ਮੌਕੇ ਰੋਜਾਨਾ ਪਹਿਰੇਦਾਰ ਦੇ ਸਵਰਗੀ ਸੰਪਾਦਕ ਜਸਪਾਲ ਸਿੰਘ ਹੇਰਾਂ ਨੂੰ ਵੀ ਯਾਦ ਕਰਦਿਆਂ ਮੌਜੂਦਾ ਸਮੇਂ ਉਨ੍ਹਾਂ ਦੀਆਂ ਸਿੱਖ ਕੌਮ ਨੂੰ ਜਾਗਰੂਕ ਕਰਦੀਆਂ ਸੰਪਾਦਕੀਆਂ ਜ਼ਿਕਰ ਕੀਤਾ ਗਿਆ। ਇਸ ਮੌਕੇ ਅਰਦਾਸ ਤੇ ਗੁਰੂ ਸਾਹਿਬ ਜੀ ਦਾ ਹੁਕਮਨਾਮਾ ਲੈ ਕੇ ਸਮਾਪਤੀ ਕੀਤੀ।



# ਥਾਣਾ ਸ਼ਿਮਲਾਪੁਰੀ ਦੇ ਏਰੀਆ ਵਿੱਚ ਨਜਾਇਜ਼ ਅਸਲੇ ਸਮੇਤ 1 ਦੋਸ਼ੀ ਕਾਬੂ

**(ਸਰਬਜੀਤ ਸਿੰਘ ਸੋਨੀ) ਲੁਧਿਆਣਾ।** ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਪੁਲਿਸ ਦਿਹਾਤੀ ਗੁਰਸੇਵਕ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ ਪੁਲਿਸ ਜੋਨ-2 ਕਰਨਵੀਰ ਸਿੰਘ, ਸਹਾਇਕ ਕਮਿਸ਼ਨਰ ਪੁਲਿਸ ਇੰਡ. ਏਰੀਆ-ਬੀ ਅਨੁਭਵ ਜੈਨ ਦੀ ਨਿਗਰਾਨੀ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ "ਗੈਂਗਸਟਰਾਂ ਦੇ ਵਾਰ" ਤਹਿਤ ਲੁਧਿਆਣਾ ਸ਼ਹਿਰ ਨੂੰ ਅਪਰਾਧ ਮੁਕਤ ਕਰਨ ਸਬੰਧੀ ਵਿਸ਼ੇਸ਼ ਮੁਹਿੰਮ ਤਹਿਤ ਥਾਣਾ ਸ਼ਿਮਲਪੁਰੀ ਦੇ ਐਸ.ਐਚ.ਓ ਬਲਬੀਰ ਸਿੰਘ ਦੀ ਅਗਵਾਈ ਹੇਠ ਕੰਮ ਕਰਦੇ ਹੋਏ ਏ.ਐਸ.ਆਈ ਅਵਤਾਰ ਸਿੰਘ ਇੰਚਾਰਜ ਚੌਕੀ ਬਸੰਤ ਪਾਰਕ ਲੁਧਿਆਣਾ ਸਮੇਤ ਨੂੰ ਉਸ ਸਮੇਂ ਸਫਲਤਾ ਹਾਸਲ ਹੋਈ, ਜਦੋਂ ਇੱਕ ਵਿਅਕਤੀ ਨੂੰ ਕਵਾਲਟੀ ਚੌਂਕ ਲੁਧਿਆਣਾ ਤੋਂ ਇੱਕ ਨਜਾਇਜ਼ ਦੇਸੀ ਪਿਸਟਲ .32 ਬੋਰ ਸਮੇਤ 3 ਜਿੰਦਾ ਰੌਂਦ ਕਾਬੂ ਕਿੱਤੇ ਗਏ। ਜਿਸ 'ਤੇ ਮੁਕੱਦਮਾ ਨੰਬਰ 190 ਜੁਰਮ 25-54-59 ਆਰਮਸ ਐਕਟ ਤਹਿਤ ਥਾਣਾ ਸ਼ਿਮਲਾਪੁਰੀ ਚ ਮਾਮਲਾ ਦਰਜ ਕੀਤਾ ਗਿਆ। ਜਿਸ ਵਿੱਚ ਯੋਗੇਸ਼ ਰਾਵਤ ਉਰਫ ਰੌਹਨ ਪੁੱਤਰ ਪਰਸ਼ੂਰਾਮ ਵਾਸੀ ਗਲੀ ਨੰਬਰ 3, ਬਾਗੀ ਸਟੈਂਡ ਨੇੜੇ ਬਾਬਾ ਨੰਦ ਸਿੰਘ ਸਕੂਲ ਡਾਬਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ ਪਾਸੋਂ 1 ਦੇਸੀ ਪਿਸਟਲ .32 ਬੋਰ ਸਮੇਤ 3 ਜਿੰਦਾ ਰੌਂਦ ਬਰਾਮਦ ਹੋਏ। ਜਿਸ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 1 ਦਿਨ ਦਾ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ। ਦੋਸ਼ੀ ਖਿਲਾਫ ਵੱਖ-ਵੱਖ ਥਾਣਿਆਂ ਚ 2 ਅਪਰਾਧਿਕ ਮਾਮਲੇ ਦਰਜ ਹਨ।



# ਚਿੱਟੇ ਵਰਗੇ ਘਾਤਕ ਨਸ਼ੇ ਦਾ ਖਾਤਮਾ ਨਾ ਹੋਇਆ ਤਾਂ ਪੰਜਾਬ ਦੀ ਨੌਜਵਾਨ ਪੀੜ੍ਹੀ ਤਬਾਹ ਹੋ ਜਾਵੇਗੀ : ਐਡਵੋਕੇਟ ਮਹਿਮੀ



**(ਮੋਹਿਤ ਗਾਦੜਾ) ਲਾਡੋਵਾਲ।** ਲੋਕ ਭਲਾਈ ਸਾਂਝਾ ਮੰਚ ਦੇ ਪ੍ਰਧਾਨ ਐਡਵੋਕੇਟ ਧਰਮਪਾਲ ਮਹਿਮੀ ਨੇ ਪੰਜਾਬ ਵਿੱਚ ਵੱਧ ਰਹੀ ਨਸ਼ਿਆਂ ਦੀ ਸਮੱਸਿਆ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਚਿੱਟੇ ਅਤੇ ਹੋਰ ਘਾਤਕ ਨਸ਼ਿਆਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਨਾ ਪਾਇਆ ਗਿਆ ਤਾਂ ਇਸ ਦਾ ਸਭ ਤੋਂ ਵੱਡਾ ਨੁਕਸਾਨ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਝੱਲਣਾ ਪਵੇਗਾ।ਐਡਵੋਕੇਟ ਮਹਿਮੀ ਨੇ ਕਿਹਾ ਕਿ ਨਸ਼ਿਆਂ ਦੀ ਲਤ ਕਾਰਨ ਅਨੇਕਾਂ ਪਰਿਵਾਰਾਂ ਦੇ ਘਰਾਂ ਵਿੱਚ ਦੁੱਖ, ਆਰਥਿਕ ਤੰਗੀ ਅਤੇ ਬੇਚੈਨੀ ਪੈਦਾ ਹੋ ਰਹੀ ਹੈ। ਨੌਜਵਾਨਾਂ ਦਾ ਨਸ਼ਿਆਂ ਵੱਲ ਵਧਣਾ ਸਿਰਫ਼ ਇਕ ਪਰਿਵਾਰ ਜਾਂ ਵਿਅਕਤੀ ਦੀ ਸਮੱਸਿਆ ਨਹੀਂ, ਸਗੋਂ ਇਹ ਸਮਾਜ ਅਤੇ ਪੰਜਾਬ ਦੇ ਭਵਿੱਖ ਨਾਲ ਜੁੜਿਆ ਗੰਭੀਰ ਮੁੱਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਬੇਹੱਦ ਸਮਰੱਥਾ ਹੈ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਬਚਾ ਕੇ ਸਿੱਖਿਆ, ਰੁਜ਼ਗਾਰ, ਖੇਡਾਂ ਅਤੇ ਸਮਾਜ ਸੇਵਾ ਵੱਲ ਪ੍ਰੇਰਿਤ ਕਰਨ ਦੀ ਲੋੜ ਹੈ।ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਨਸ਼ਿਆਂ ਦੀ ਸਪਲਾਈ 'ਤੇ ਸਖ਼ਤੀ ਨਾਲ ਰੋਕ ਲਗਾਈ ਜਾਵੇ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਖ਼?ਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਲਈ ਇਲਾਜ ਅਤੇ ਪੁਨਰਵਾਸ ਦੀਆਂ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇ।ਐਡਵੋਕੇਟ ਮਹਿਮੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਮਾਪਿਆਂ, ਅਧਿਆਪਕਾਂ, ਸਮਾਜਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਵੀ ਇਕਜੁੱਟ ਹੋ ਕੇ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਰਾਹੀਂ ਹੀ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾ ਕੇ ਸੂਬੇ ਦੇ ਭਵਿੱਖ ਨੂੰ ਸੁਰੱਖਿਅਤ ਕੀਤਾ ਜਾ ਸਕਦਾ ਹੈ।

# ਇੱਕੋ ਵਰਕਸ਼ਾਪ 'ਚ ਤੀਸਰੀ ਵਾਰ ਚੋਰੀ ਕਰਨ ਆਏ 2 ਮੁਲਜ਼ਮ ਚੜੇ ਪੁਲਿਸ ਅੜਿੱਕੇ

**(ਸਰਬਜੀਤ ਸਿੰਘ ਸੋਨੀ) ਲੁਧਿਆਣਾ।** ਪੁਲਿਸ ਕਮਿਸ਼ਨਰ ਸਵੱਪਨ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਾੜੇ ਅਨਸਰਾਂ ਖ਼?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਪੁਲਿਸ (ਦਿਹਾਤੀ ਗੁਰਸੇਵਕ ਸਿੰਘ ਬਰਾੜ, ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਜੋਨ-4 ਜਸ਼ਨਦੀਪ ਸਿੰਘ ਗਿੱਲ, ਸਹਾਇਕ ਕਮਿਸ਼ਨਰ ਪੁਲਿਸ ਇੰਡਸਟਰੀ ਏਰੀਆ-ਏ ਇੰਦਰਜੀਤ ਸਿੰਘ ਅਤੇ ਥਾਣਾ ਕੂੰਮ ਕਲਾਂ ਦੇ ਐਸ.ਐਚ.ਓ ਦਲਵੀਰ ਸਿੰਘ ਦੀ ਅਗਵਾਈ ਹੇਠ ਚੌਕੀ ਕਟਾਣੀ ਕਲਾਂ ਦੀ ਪੁਲਿਸ ਟੀਮ ਵੱਲੋਂ ਲੁਧਿਆਣਾ ਸ਼ਹਿਰ ਅਤੇ ਪੇਂਡੂ ਇਲਾਕਿਆਂ ਵਿੱਚ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਗੁਰਚਰਨ ਸਿੰਘ ਪੁੱਤਰ ਰਾਮ ਸਿੰਘ ਵਾਸੀ ਪਿੰਡ ਕੋਟ ਗੰਗੂ ਰਾਏ ਥਾਣਾ ਕੂੰਮ ਕਲਾਂ ਜ਼ਿਲ੍ਹਾ ਲੁਧਿਆਣਾ ਨੇ ਪੁਲਿਸ ਨੂੰ ਇਤਲਾਹ ਦਿੱਤੀ ਕਿ ਉਸ ਦੀ ਵਰਕਸ਼ਾਪ ਵਿੱਚ ਪਿਛਲੇ 4-5 ਮਹੀਨਿਆਂ ਤੋਂ ਚੋਰੀ ਦੀਆਂ ਵਾਰਦਾਤਾਂ ਹੋ ਰਹੀਆਂ ਹਨ। 26/6 ਨੂੰ ਵੀ ਵਰਕਸ਼ਾਪ ਵਿੱਚ ਚੋਰੀ ਹੋਈ ਸੀ ਅਤੇ 22 ਅਤੇ 23/8 ਦੀ ਦਰਮਿਆਨੀ ਰਾਤ ਨੂੰ ਵਰਕਸ਼ਾਪ ਦੇ ਸ਼ਟਰ ਦੇ ਤਾਲੇ ਤੋੜ ਕੇ ਗੱਡੀਆਂ ਦਾ ਸਮਾਨ ਅਤੇ ਬੈਟਰੀਆਂ ਚੋਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਮਿਤੀ 25 ਅਤੇ 26/9 ਦੀ ਦਰਮਿਆਨੀ ਰਾਤ ਨੂੰ ਵੀ ਉਕਤ ਵਰਕਸ਼ਾਪ ਵਿੱਚੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਮੁੱਢਲੀ ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਅੰਮ੍ਰਿਤਪਾਲ ਸਿੰਘ ਅਤੇ ਸੰਗਤ ਸਿੰਘ ਨੇ ਆਪਸ ਵਿੱਚ ਮਿਲ ਕੇ ਚੋਰੀ ਦੀ ਵਾਰਦਾਤ ਕੀਤੀ ਅਤੇ ਵਾਰਦਾਤ ਲਈ ਕਾਰ ਨੰਬਰ **PB-10-AZ-8228**, ਮਾਰਕਾ ਹਾਂਡਾ ਸਿਟੀ ਦੀ ਵਰਤੋਂ ਕੀਤੀ ਗਈ। ਇਸ ਸਬੰਧੀ ਮੁਕੱਦਮਾ ਨੰਬਰ 153 ਜੁਰਮ 305, 331(4) ਬੀ.ਐਨ.ਐਸ ਤਹਿਤ 317(2) ਦਾ ਵਾਧਾ ਜੁਰਮ ਥਾਣਾ ਕੂੰਮ ਕਲਾਂ ਚ ਮਾਮਲਾ ਦਰਜ ਕੀਤਾ ਗਿਆ। ਤਫ਼ਤੀਸ਼ ਦੌਰਾਨ ਪੁਲਿਸ ਵੱਲੋਂ ਦੋਵੇਂ ਮੁਲਜ਼ਮਾਂ ਨੂੰ ਮਿਤੀ 27/9 ਨੂੰ ਗ੍ਰਿਫ਼ਤਾਰ ਕਰਕੇ ਮੁਲਜ਼ਮਾਂ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਮੁਲਜਮਾਂ ਪਾਸੋ ਬਰਾਮਦ ਹੋਏ ਸਮਾਨ ਦਾ ਵੇਰਵਾ ਇੱਕ ਕਾਰ ਨੰਬਰ **PB-10-AZ-8228**, ਮਾਰਕਾ ਹਾਂਡਾ ਸਿਟੀ। ਇੱਕ ਮੋਟਰਸਾਈਕਲ ਨੰਬਰ **CH-01-CW-1315**, ਮਾਰਕਾ ਹੌਂਡਾ ਸ਼ਾਇਨ। 5 ਸਾਇਲੈਂਸਰ ਸਮੇਤ ਢੋਲਕੀਆਂ। 3 ਮਰਗਾੜ, 2 ਬੰਪਰ ਮਾਰਕਾ ਸਵਿਫਟ ਕਾਰ। ਮੁਲਜ਼ਮ ਅੰਮ੍ਰਿਤਪਾਲ ਸਿੰਘ ਖ਼ਿਲਾਫ਼ ਪਹਿਲਾਂ ਵੀ ਇੱਕ ਮੁਕੱਦਮਾ ਥਾਣਾ ਮਾਡਲ ਟਾਊਨ ਵਿੱਚ ਦਰਜ ਹੈ। ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਮੁਲਜ਼ਮ ਪਹਿਲਾਂ ਦਿਨ ਸਮੇਂ ਇਲਾਕੇ ਦੀ ਰੇਕੀ ਕਰਦੇ ਸਨ ਅਤੇ ਰਾਤ ਸਮੇਂ ਉਕਤ ਬਰਾਮਦ ਕਾਰ ਹਾਂਡਾ ਸਿਟੀ ਵਿੱਚ ਸਵਾਰ ਹੋ ਕੇ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਸਨ।



# ਭਾਜਪਾ ਲੋਕਤੰਤਰ ਅਤੇ ਆਪ ਲੁੱਟ ਰਹੀ ਹੈ ਪੰਜਾਬ ਦਾ ਖਜ਼ਾਨਾ : ਵਿਕਰਮ ਬਾਜਵਾ

## • ਮੁੱਖ ਚੋਣ ਕਮਿਸ਼ਨਰ ਅਤੇ ਮੰਤਰੀ ਹਰਦੀਪ ਮੁੰਡਿਆਂ ਅਸਤੀਫਾ ਦੇਣ

**(ਹਰਪ੍ਰੀਤ ਸਿੰਘ ਕੈਲੇ) ਮਾਛੀਵਾੜਾ ਸਾਹਿਬ।** ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਵਿਕਰਮ ਸਿੰਘ ਬਾਜਵਾ ਦੀ ਅਗਵਾਈ ਦੇ ਵਿੱਚ ਕਾਂਗਰਸ ਪਾਰਟੀ ਵੱਲੋਂ ਕੇਂਦਰ ਸਰਕਾਰ ਖਿਲਾਫ ਵੋਟ ਚੋਰੀ ਕਰਨ ਦੇ ਦੋਸ਼ ਲਗਾਉਂਦਿਆਂ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨਨੇਸ ਕੁਮਾਰ ਦਾ ਅਸਤੀਫਾ ਮੰਗਿਆ! ਇਸ ਮੌਕੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਮੇਜਰ ਸਿੰਘ ਮੁੱਲਾਪੁਰ ਵੀ ਹਾਜ਼ਰ ਸਨ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਕਰਮ ਸਿੰਘ ਬਾਜਵਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੋਟ ਚੋਰੀ ਕਰਕੇ ਦੇਸ਼ ਦਾ ਲੋਕਤੰਤਰ ਲੁੱਟ ਰਹੀ ਹੈ ਜਦੋਂ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਦੋਹੀ ਹੱਥੀ ਪੰਜਾਬ ਦਾ ਖਜ਼ਾਨਾ ਲੁੱਟ ਰਹੀ ਹੈ। ਉਹਨਾਂ ਕਿਹਾ ਕਿ ਜਿਸ ਦੀ ਤਾਜ਼ਾ ਮਿਸਾਲ ਮੰਤਰੀ ਹਰਦੀਪ ਵੱਡੀਆਂ ਉੱਪਰ ਗਲਾਡਾ ਅਤੇ ਗਮਾਡਾ ਵਿੱਚ ਕਰੀਬ 10 ਹਜਾਰ ਕਰੋੜ ਦੇ ਘੁਟਾਲੇ ਦੀ ਈਡੀ ਵੱਲੋਂ ਕੀਤੀ ਜਾ ਰਹੀ ਜਾਂਚ ਤੋਂ ਲਗਾਇਆ ਜਾ ਸਕਦਾ ਹੈ ਉਹਨਾਂ ਕਿਹਾ ਕਿ ਕੱਟੜ ਇਮਾਨਦਾਰ ਅਖਵਾਉਣ ਵਾਲਿਆਂ ਨੇ ਲੁੱਟ ਤੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਉਹਨਾਂ ਕਿਹਾ ਕਿ ਮੰਤਰੀਆਂ ਦੀਆਂ ਕੋਠੀਆਂ ਦੇ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਕੇਜਰੀਵਾਲ ਦੇ ਚਿਹਰੇ ਤੇ ਬੈਠੇ ਹਨ । ਉਹਨਾਂ ਕਿਹਾ ਕਿ ਮੰਤਰੀ ਹਰਦੀਪ ਮੁੰਡੀਆ ਆਪਣੇ ਆਪ ਨੂੰ ਪਾਕ ਸਾਫ ਹੋਣ ਦਾ ਪ੍ਰਚਾਰ ਕਰ ਰਹੇ ਹਨ ਜਦਕਿ ਉਹਨਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਈਡੀ ਉਹਨਾਂ ਨੂੰ ਨੋਟਿਸ ਦੇ ਕੇ ਗਈ ਹੈ ਨਾ ਕਿ ਕਲੀਨ ਚੈਟ ਆਉਣ ਵਾਲੇ ਦਿਨ ਵਿੱਚ ਜਿਵੇਂ ਪੰਜਾਬ ਦਾ ਇਹਨਾਂ ਲੋਕਾਂ ਨੇ ਖਜ਼ਾਨਾ ਲੁੱਟਿਆ ਹੈ ਇਹਨਾਂ ਨੂੰ ਬਣਦੀਆਂ ਸਜ਼ਾਵਾਂ ਜ਼ਰੂਰ ਮਿਲਣੀਆਂ ਚਾਹੀਦੀਆਂ ਹਨ ਅਤੇ ਜੇਕਰ ਇਹ ਇਮਾਨਦਾਰ ਹਨ ਤਾਂ ਇਹਨਾਂ ਨੂੰ ਤੁਰੰਤ ਅਸਤੀਫਾ ਦੇ ਕੇ ਈਡੀ ਦੀ ਜਾਂਚ ਦਾ ਸਾਹਮਣਾ ਕਰਨਾ ਚਾਹੀਦਾ ਹੈ ਇਸ ਮੌਕੇ ਉਹਨਾਂ ਦੇ ਨਾਲ ਬਲਾਕ ਕਾਂਗਰਸ ਦੇ ਪ੍ਰਧਾਨ ਤਾਜ ਪਰਮਿੰਦਰ ਸਿੰਘ ਸੋਨੂ, ਬਲਵੀਰ ਸਿੰਘ ਬੁੱਢੇਵਾਲ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।



# 'ਨਸ਼ਾ ਮੁਕਾਓ, ਪੰਜਾਬ ਬਚਾਓ' ਬੈਨਰ ਹੇਠ ਸ਼੍ਰੋਮਣੀ ਅਕਾਲੀ ਦਲ ਨੇ ਮੁੱਖ ਮੰਤਰੀ ਦੀ ਰਿਹਾਇਸ਼ ਨਜ਼ਦੀਕ ਦਿੱਤਾ ਵਿਸ਼ਾਲ ਧਰਨਾ

## • ਕਿਹਾ, ਇਹ ਲੜਾਈ ਪੰਜਾਬ ਦੀ ਨੌਜਵਾਨੀ ਅਤੇ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਦੀ ਲੜਾਈ ਹੈ : ਵਿਨਰਜੀਤ ਸਿੰਘ ਗੋਲਡੀ

**(ਰਾਜੂ ਸਿੰਗਲਾ) ਸੰਗਰੂਰ।** ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਚੱਲ ਰਹੇ ਵਿਰੋਧ ਪ੍ਰਦਰਸ਼ਨਾਂ ਦਰਮਿਆਨ ਸ਼?ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਵਿਧਾਨ ਸਭਾ ਹਲਕਾ ਸੁਨਾਮ ਦੇ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਕਾਲੇ ਚੋਲੇ ਪਾ ਕੇ ਅਤੇ ਆਪਣੇ ਆਪਣੇ ਮੂੰਹ ਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਪੰਜਾਬ ਸਰਕਾਰ ਵਿਰੁੱਧ ਨਾਰੇਬਾਜ਼ੀ ਕਰਕੇ ਮਾਰਚ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਸਥਿਤ ਰਿਹਾਇਸ਼ ਨਜ਼ਦੀਕ ਵਿਸ਼ਾਲ ਧਰਨਾ ਦਿੱਤਾ ਅਤੇ ਬਾਅਦ ਵਿੱਚ ਆਪਣੀਆਂ ਮੰਗਾਂ ਸਬੰਧੀ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ, ਗੁਲਜ਼ਾਰੀ ਮੂਨਕ ਆਦਿ ਵੀ ਮੌਜੂਦ ਰਹੇ।

ਇਸ ਮੌਕੇ ਵਿਨਰਜੀਤ ਸਿੰਘ ਗੋਲਡੀ ਨੇ ਪੰਜਾਬ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕਰਦਿਆਂ ਕਿਹਾ ਕਿ ਨਸ਼ਿਆਂ ਕਾਰਨ ਪ੍ਰਭਾਵਿਤ ਪਰਿਵਾਰਾਂ ਅਤੇ ਪੰਜਾਬ ਦੀ ਨੌਜਵਾਨੀ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਨੂੰ ਹੋਰ ਵਿਆਪਕ ਕੀਤਾ ਜਾਵੇਗਾ। ਗੋਲਡੀ ਨੇ ਕਿਹਾ ਕਿ ਅੱਜ ਦਾ ਇਕੱਠ ਉਹਨਾਂ ਪਰਿਵਾਰਾਂ ਨੂੰ ਸਮਰਪਿਤ ਹੈ, ਜਿਨ੍ਹਾਂ ਨੇ ਨਸ਼ਿਆਂ ਕਾਰਨ ਆਪਣੇ ਨੌਜਵਾਨ ਪੁੱਤਰਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਗੁਆਇਆ ਹੈ। ਉਨ੍ਹਾਂ ਕਿਹਾ ਕਿ ਕਈ ਪਰਿਵਾਰਾਂ ਦੇ ਛੋਟੀ ਉਮਰ ਦੇ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਕੇ ਆਪਣੀ ਜਾਨ ਗੁਆ ਚੁੱਕੇ ਹਨ ਅਤੇ ਕਈ ਪਰਿਵਾਰਾਂ ਦਾ ਪਾਲਣਹਾਰ ਵੀ ਇਸ ਦੁਨੀਆ ਤੋਂ ਚਲਾ ਗਿਆ ਹੈ।

ਗੋਲਡੀ ਨੇ ਦੋਸ਼ ਲਾਇਆ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਨਸ਼ਾ ਖ਼ਤਮ ਕਰਨ ਸਬੰਧੀ ਕੀਤੇ ਵਾਅਦਿਆਂ ਦੇ ਬਾਵਜੂਦ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਅਜੇ ਵੀ ਗੰਭੀਰ ਬਣਿਆ ਹੋਇਆ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਆਗੂਆਂ ਵੱਲੋਂ ਪਿਛਲੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਉਣ ਵਾਲੇ ਬਿਆਨਾਂ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਜੇਕਰ ਪਿਛਲੀਆਂ ਸਰਕਾਰਾਂ ਦੀਆਂ ਨੀਤੀਆਂ ਜਾਂ ਫ਼ੈਸਲਿਆਂ ਵਿੱਚ ਕੋਈ ਖਾਮੀਆਂ ਸਨ ਤਾਂ ਮੌਜੂਦਾ ਸਰਕਾਰ ਨੂੰ ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਨੂੰ ਦੂਰ ਕਰਨਾ ਚਾਹੀਦਾ ਸੀ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕਾਂ ਨੇ ਮੌਜੂਦਾ ਸਰਕਾਰ ਨੂੰ ਬਦਲਾਅ ਦੀ ਉਮੀਦ ਨਾਲ ਵੱਡਾ ਜਨਮਤ ਦਿੱਤਾ ਸੀ।

ਆਪਣੇ ਸੰਬੋਧਨ ਦੌਰਾਨ ਗੋਲਡੀ ਨੇ ਤੁਰਬੰਜਾਰਾ ਦੇ ਮਰਹੂਮ ਗੁਲਜ਼ਾਰ ਸਿੰਘ ਦੇ ਪਰਿਵਾਰ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਗੁਲਜ਼ਾਰ ਸਿੰਘ ਦੇ ਪੁੱਤਰ ਲਖਵਿੰਦਰ ਸਿੰਘ ਅਤੇ ਪਰਿਵਾਰ ਵੱਲੋਂ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਗੋਲਡੀ ਨੇ ਇਹ ਵੀ ਦੋਸ਼ ਲਾਇਆ ਕਿ ਗੁਲਜ਼ਾਰ ਸਿੰਘ ਦੇ ਅੰਤਿਮ ਸੰਸਕਾਰ ਸਮੇਂ ਧਾਰਮਿਕ ਰਸਮਾਂ ਨੂੰ ਲੈ ਕੇ ਵੀ ਪਰਿਵਾਰ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਇਸ ਮਾਮਲੇ ਨੂੰ ਪੰਜਾਬ ਵਿੱਚ ਲੋਕਾਂ ਦੇ ਅਧਿਕਾਰਾਂ ਅਤੇ ਇਨਸਾਫ਼ ਨਾਲ ਜੋੜਦਿਆਂ ਸਰਕਾਰ ਤੋਂ ਸਪੱਸ਼ਟੀਕਰਨ ਦੀ ਮੰਗ ਕੀਤੀ।

ਉਨ੍ਹਾਂ ਮੋਹਨਜੀਤ ਸਿੰਘ ਦੇ ਮਾਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਨਸ਼ਿਆਂ ਦੇ ਮੁੱਦੇ 'ਤੇ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਨਾਲ ਹੋਣ ਵਾਲੇ ਵਿਵਹਾਰ ਨੂੰ ਲੈ ਕੇ ਵੀ ਸਵਾਲ ਖੜ੍ਹੇ ਹੋਏ ਹਨ। ਗੋਲਡੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਨੇ ਕਾਲੇ ਚੋਲਿਆਂ 'ਤੇ 'ਪੰਜਾਬ ਸਰਕਾਰ ਮੁਰਦਾਬਾਦ' ਅਤੇ 'ਨਸ਼ਾ ਮਕਾਓ, ਪੰਜਾਬ ਬਚਾਓ' ਵਰਗੇ ਨਾਅਰੇ ਲਿਖੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸੰਘਰਸ਼ ਦਾ ਮੁੱਖ ਉਦੇਸ਼ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਹੈ। ਉਨ੍ਹਾਂ ਕਿਹਾ, "ਪੰਜਾਬ ਤਾਂ ਹੀ ਬਚੇਗਾ ਜੇ ਪੰਜਾਬ ਦੀ ਨੌਜਵਾਨੀ ਬਚੇਗੀ ਅਤੇ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।

ਵਿਨਰਜੀਤ ਸਿੰਘ ਗੋਲਡੀ ਨੇ ਸੰਘਰਸ਼ ਕਮੇਟੀ ਅਤੇ ਹਾਜ਼ਰ ਸੰਗਤ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪਿੰਡ-ਪਿੰਡ ਤੱਕ ਲਿਜਾਇਆ ਜਾਵੇ ਅਤੇ ਹਰ ਪਿੰਡ ਵਿੱਚ ਲੋਕਾਂ ਦੀਆਂ ਕਮੇਟੀਆਂ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਵਪਾਰ ਨਾਲ ਜੁੜੇ ਮਾਮਲਿਆਂ ਦੀ ਜਾਣਕਾਰੀ ਪ੍ਰਸ਼ਾਸਨ ਤੱਕ ਪਹੁੰਚਾਈ ਜਾਵੇ ਅਤੇ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਉਣ ਲਈ ਆਵਾਜ਼ ਉਠਾਈ ਜਾਵੇ। ਉਨ੍ਹਾਂ ਪੁਲਿਸ ਅਤੇ ਪ੍ਰਸ਼ਾਸਨ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਨਾਲ ਪ੍ਰਭਾਵਿਤ ਗਰੀਬ ਪਰਿਵਾਰਾਂ ਦੀ ਸੁਰੱਖਿਆ ਅਤੇ ਮਦਦ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਉਹ ਖੁਦ ਅਤੇ ਉਨ੍ਹਾਂ ਦੀ ਪਾਰਟੀ ਦਾ ਹਰ ਵਰਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦਾ ਸਾਥ ਦੇਵੇਗਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਪਹੁੰਚੀ ਸੰਗਤ, ਮਾਵਾਂ, ਭੈਣਾਂ, ਨੌਜਵਾਨਾਂ ਅਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਸੰਘਰਸ਼ ਨੂੰ ਅੱਗੇ ਵੀ ਜਾਰੀ ਰੱਖਣ ਦਾ ਐਲਾਨ ਕੀਤਾ।



# ਪੰਜਾਬ ਨੂੰ ਕੇਂਦਰ ਦੀ ਮਦਦ ਤੋਂ ਬਿਨਾਂ ਆਰਥਿਕ ਸੰਕਟ 'ਚੋਂ ਕੱਢਣਾ ਮੁਸ਼ਕਿਲ : ਅਰਵਿੰਦ ਖੰਨਾ

## *ਪੰਜਾਬ 'ਤੇ ਕਰੀਬ 5 ਲੱਖ ਕਰੋੜ ਰੁਪਏ ਦਾ ਕਰਜ਼ਾ, ਬੇਰੁਜ਼ਗਾਰੀ ਤੇ ਨਸ਼ਾ ਬਣੇ ਗੰਭੀਰ ਚੁਣੌਤੀਆਂ*



**(ਰਾਜੂ ਸਿੰਗਲਾ) ਸੰਗਰੂਰ।** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਰਵਿੰਦ ਖੰਨਾ ਨੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸੂਬਾ ਇਸ ਸਮੇਂ ਕਰਜ਼ੇ, ਬੇਰੁਜ਼ਗਾਰੀ, ਨਸ਼ਿਆਂ ਅਤੇ ਕਾਨੂੰਨ-ਵਿਵਸਥਾ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਿਰ ਚੜ੍ਹੇ ਕਰਜ਼ੇ ਨੂੰ ਕਿਵੇਂ ਸੰਭਾਲਿਆ ਜਾਵੇ, ਇਹ ਇੱਕ ਵੱਡਾ ਸਵਾਲ ਹੈ ਅਤੇ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਠੋਸ ਨੀਤੀ ਦੀ ਲੋੜ ਹੈ।

ਖੰਨਾ ਨੇ ਕਿਹਾ ਕਿ ਪੰਜਾਬ 'ਤੇ ਕਰੀਬ 5 ਲੱਖ ਕਰੋੜ ਰੁਪਏ ਦੇ ਕਰਜ਼ੇ ਦਾ ਬੋਝ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ। ਉਨ੍ਹਾਂ ਕਿਹਾ ਕਿ ਇੰਨੇ ਵੱਡੇ ਕਰਜ਼ੇ ਦੇ ਬੋਝ ਦੇ ਨਾਲ ਬੇਰੁਜ਼ਗਾਰੀ ਅਤੇ ਨਸ਼ਿਆਂ ਵਰਗੀਆਂ ਸਮੱਸਿਆਵਾਂ ਪੰਜਾਬ ਦੇ ਭਵਿੱਖ ਲਈ ਚਿੰਤਾ ਦਾ ਵਿਸ਼ਾ ਹਨ। ਅਰਵਿੰਦ ਖੰਨਾ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਰੂਪ ਧਾਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਨਸ਼ਿਆਂ ਦੀ ਵਿਕਰੀ ਸਬੰਧੀ ਲੋਕਾਂ ਵੱਲੋਂ ਸ਼ਿਕਾਇਤਾਂ ਕੀਤੀਆਂ ਜਾ ਰਹੀਆਂ ਹਨ ਅਤੇ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਨੂੰ ਹੋਰ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ ਹੈ।

ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਆਰਥਿਕ ਹਾਲਾਤਾਂ ਨੂੰ ਦੇਖਦਿਆਂ ਕੇਂਦਰ ਸਰਕਾਰ ਨਾਲ ਰਚਨਾਤਮਕ ਗੱਲਬਾਤ ਕਰਨਾ ਸੂਬੇ ਦੇ ਹਿੱਤ ਵਿੱਚ ਹੈ।

ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਆਰਥਿਕ ਹਾਲਾਤ ਬਹੁਤ ਚੁਣੌਤੀਪੂਰਨ ਹਨ ਅਤੇ ਸੂਬੇ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਵੱਡੇ ਪੱਧਰ 'ਤੇ ਨਿਵੇਸ਼, ਉਦਯੋਗ, ਰੁਜ਼ਗਾਰ ਅਤੇ ਆਰਥਿਕ ਸੁਧਾਰਾਂ ਦੀ ਲੋੜ ਹੈ।

### ਸ਼੍ਰੋਮਣੀ ਅਕਾਲੀ ਦਲ ਦਾ ਇੱਕੋ ਮਕਸਦ ਪੰਜਾਬ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨਾ : ਅਰਵਿੰਦ ਖੰਨਾ

ਖੰਨਾ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਸਿਆਸੀ ਟਕਰਾਅ ਦੀ ਬਜਾਏ ਸੂਬੇ ਦੇ ਹਿੱਤਾਂ ਲਈ ਹਰ ਪੱਧਰ 'ਤੇ ਗੱਲਬਾਤ ਅਤੇ ਸਹਿਯੋਗ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਰਥਿਕ ਸੰਕਟ, ਬੇਰੁਜ਼ਗਾਰੀ, ਨਸ਼ਿਆਂ ਅਤੇ ਕਾਨੂੰਨ-ਵਿਵਸਥਾ ਦੀਆਂ ਚੁਣੌਤੀਆਂ ਵਿੱਚੋਂ ਕੱਢਣਾ ਸਾਰੀਆਂ ਸਿਆਸੀ ਧਿਰਾਂ ਦੀ ਸਾਂਝੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ।

# 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਫੁੱਟਬਾਲ ਮੁਕਾਬਲੇ ਕਰਵਾਏ



**(ਜਗਸੀਰ ਸਿੰਘ) ਲੌਂਗੋਵਾਲ।** ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਅਕਾਲ ਕਾਲਜ ਕੌਂਸਲ, ਮਸਤੂਆਣਾ ਸਾਹਿਬ ਦੇ ਵਿਸ਼ੇਸ਼ ਸਹਿਯੋਗ ਨਾਲ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਜ਼ਿਲ੍ਹਾ ਪੱਧਰੀ ਫੁੱਟਬਾਲ ਟੂਰਨਾਮੈਂਟ (ਲੜਕੀਆਂ) ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਟੂਰਨਾਮੈਂਟ ਮਹਾਨ ਤਪੱਸਵੀ ਸੰਤ ਬਾਬਾ ਅਤਰ ਸਿੰਘ ਜੀ ਦੀ 100ਵੀਂ ਬਰਸੀ ਦੇ ਸਮਾਗਮਾਂ ਨੂੰ ਸਮਰਪਿਤ ਕੀਤਾ ਗਿਆ।

ਖੇਡਾਂ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਬਹੁਤ ਹੀ ਫਸਵੇਂ ਅਤੇ ਰੋਮਾਂਚਕ ਮੁਕਾਬਲੇ ਦੇਖਣ ਨੂੰ ਮਿਲੇ। ਟੂਰਨਾਮੈਂਟ ਵਿੱਚ ਅੰਡਰ-14 ਦੀਆਂ 8, ਅੰਡਰ-17 ਦੀਆਂ 8 ਅਤੇ ਅੰਡਰ-21 ਉਮਰ ਵਰਗ ਦੀਆਂ 2 ਟੀਮਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਖਿਡਾਰਨਾਂ ਨੇ ਮੈਦਾਨ ਵਿੱਚ ਆਪਣੀ ਖੇਡ ਕਲਾ ਅਤੇ ਖੇਡ ਭਾਵਨਾ ਦਾ ਬਹਿਤਰੀਨ ਪ੍ਰਦਰਸ਼ਨ ਕੀਤਾ। ਖ਼ਬਰ ਲਿਖੇ ਜਾਣ ਤੱਕ ਸੈਮੀਫਾਇਨਲ ਮੁਕਾਬਲੇ ਚੱਲ ਰਹੇ ਸਨ।

ਸਮਾਗਮ ਦੇ ਮੁੱਖ ਮਹਿਮਾਨ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਮਨੁੱਖੀ ਸ਼ਖ਼ਸੀਅਤ ਦੇ ਸਰਬਪੱਖੀ ਵਿਕਾਸ ਲਈ ਸਭ ਤੋਂ ਵਧੀਆ ਸਾਧਨ ਹਨ। ਜਦੋਂ ਸਾਡੀ ਨੌਜਵਾਨ ਪੀੜ੍ਹੀ ਖੇਡ ਮੈਦਾਨਾਂ ਨਾਲ ਜੁੜਦੀ ਹੈ, ਤਾਂ ਉਨ੍ਹਾਂ ਵਿੱਚ ਨਾ ਕੇਵਲ ਸਰੀਰਕ ਅਤੇ ਮਾਨਸਿਕ ਨਿਰੋਗਤਾ ਆਉਂਦੀ ਹੈ, ਸਗੋਂ ਅਨੁਸ਼ਾਸਨ, ਮਿਹਨਤ ਅਤੇ ਮਿਲ ਕੇ ਕੰਮ ਕਰਨ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲੋਂ ਵੱਡੀ ਕੋਈ ਸ਼ਕਤੀ ਨਹੀਂ ਹੈ। ਇਸ ਟੂਰਨਾਮੈਂਟ ਦੇ ਸਫ਼ਲ ਆਯੋਜਨ ਵਿੱਚ ਸ੍ਰ. ਮਨਜੀਤ ਸਿੰਘ ਬਾਲੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਪ੍ਰਮੁੱਖ ਤੌਰ 'ਤੇ ਡਾ. ਸੁਖਜੀਤ ਸਿੰਘ ਸਮੇਤ ਫੁੱਟਬਾਲ ਕੋਚ ਪਰਦੀਪ ਸਿੰਘ, ਅਮਨਦੀਪ ਸਿੰਘ, ਗੁਰਸੇਵਕ ਸਿੰਘ ਅਤੇ ਸੁਖਵਿੰਦਰ ਸਿੰਘ ਵਰਗੀਆਂ ਸਖ਼ਸ਼ੀਅਤਾਂ ਹਾਜ਼ਰ ਸਨ। ਟੂਰਨਾਮੈਂਟ ਨੂੰ ਸੁਚੱਜੇ ਅਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਆਫ਼ੀਸ਼ੀਅਲਜ਼ ਵਜੋਂ ਅਹਿਮ ਭੂਮਿਕਾ ਨਿਭਾਈ, ਜਿਨ੍ਹਾਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਪੰਜਵਾ ਗੁਰਮਤਿ ਕੈਂਪ ਸਮਾਪਿਤ

## ਭਾਈ ਗਰੇਵਾਲ ਵੱਲੋਂ ਬੱਚਿਆਂ ਦਾ ਸਨਮਾਨ, ਸੰਗਤ ਨੇ ਉਪਰਾਲੇ ਦੀ ਕੀਤੀ ਸ਼ਲਾਘਾ

**(ਕੌਸ਼ਲ ਮੱਲ੍ਹਾ) ਹਠੂਰ।** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪਣੇ ਧਾਰਮਿਕ ਫਰਜ਼ਾਂ ਦੀ ਅਦਾਇਗੀ ਕਰਦਿਆਂ ਸੰਗਤ ਨੂੰ ਗੁਰਮਤਿ ਸਿਧਾਂਤਾਂ, ਬਾਣੀ ਅਤੇ ਬਾਣੇ ਨਾਲ ਜੋੜਨ ਦੇ ਉਪਰਾਲੇ ਲਗਾਤਾਰ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਸ਼੍ਰੋਮਣੀ ਕਮੇਟੀ ਦੇ ਧਾਰਮਿਕ ਵਲੰਟੀਅਰਾਂ ਵੱਲੋਂ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਹਲਕਾ ਜਗਰਾਉਂ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਦੇ ਸਹਿਯੋਗ ਨਾਲ ਪਿੰਡ ਮਾਣੂੰਕੇ, ਢੋਲਣ, ਟੂਸਾ, ਦੇਹੜਕਾ ਆਦਿ ਤੋਂ ਬਾਅਦ ਪੰਜਵਾਂ ਗੁਰਮਤਿ ਕੈਂਪ ਪਿੰਡ ਭੂੰਮੀਪੁਰਾ ਵਿਖੇ ਲਗਾਇਆ ਗਿਆ, ਜਿਸ ਦੀ ਸਮਾਪਤੀ ਮੌਕੇ ਵੱਡੀ ਗਿਣਤੀ ਵਿੱਚ ਬੱਚੇ, ਉਨ੍ਹਾਂ ਦੇ ਮਾਤਾ-ਪਿਤਾ ਅਤੇ ਬਜ਼ੁਰਗਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕੈਂਪ ਦੇ ਸਫਲ ਆਯੋਜਨ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ, ਪਿੰਡ ਦੀ ਪੰਚਾਇਤ, ਪਿੰਡ ਦੇ ਪਤਵੰਤੇ ਸੱਜਣਾਂ ਅਤੇ ਬੱਚਿਆਂ ਦੇ ਮਾਤਾ-ਪਿਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣੇ ਧਾਰਮਿਕ ਫਰਜ਼ਾਂ ਦੀ ਪੂਰਤੀ ਕਰਦਿਆਂ ਹਰ ਘਰ ਦਾ ਬੂਹਾ ਖੜਕਾ ਕੇ ਵਿਸ਼ੇਸ਼ ਕਰਕੇ ਬੱਚਿਆਂ ਅਤੇ ਨੌਜਵਾਨਾਂ ਨੂੰ ਗੁਰੂ ਸਾਹਿਬਾਨ ਦੇ ਸਿਧਾਂਤਾਂ, ਬਾਣੀ ਅਤੇ ਬਾਣੇ ਨਾਲ ਜੋੜਨ ਲਈ ਯਤਨਸ਼ੀਲ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਲੰਟੀਅਰ ਸੁਖਪ੍ਰੀਤ ਸਿੰਘ, ਮੁੱਖ ਪ੍ਰਚਾਰਕ ਲਵਪ੍ਰੀਤ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਇਲਾਕੇ ਦੀ ਸੰਗਤ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਵੀ ਭਾਈ ਗਰੇਵਾਲ ਵੱਲੋਂ ਮੈਡਲ ਅਤੇ ਸਰਟੀਫਿਕੇਟ ਦੇਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪਿੰਡ ਦੀ ਪੰਚਾਇਤ ਦੇ ਮੈਂਬਰਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਅਤੇ ਹੋਰ ਮੋਹਤਵਾਰ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਗੁਰਮਤਿ ਕੈਂਪ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਇਸ ਮੌਕੇ ਭਾਈ ਗਰੇਵਾਲ ਨੇ ਸੰਗਤ ਨੂੰ ਵਿਸ਼ਵਾਸ ਦਿਵਾਇਆ ਕਿ ਹਲਕਾ ਜਗਰਾਉਂ ਦੇ ਵੱਖ-ਵੱਖ ਨਗਰਾਂ ਵਿੱਚ ਅਜਿਹੇ ਗੁਰਮਤਿ ਕੈਂਪ ਲਗਾਤਾਰ ਜਾਰੀ ਰੱਖੇ ਜਾਣਗੇ ਅਤੇ ਪਿੰਡਾਂ ਦੀ ਮੰਗ ਅਨੁਸਾਰ ਵੱਡੇ ਪੱਧਰ 'ਤੇ ਕੈਂਪ ਵੀ ਆਯੋਜਿਤ ਕੀਤੇ ਜਾਣਗੇ।ਉਨ੍ਹਾਂ ਸੰਗਤ ਨੂੰ 30 ਸਤੰਬਰ ਨੂੰ ਹੋਣ ਵਾਲੇ ਅੰਮ੍ਰਿਤ ਸੰਚਾਰ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸੰਗਤ ਵਿੱਚੋਂ ਕਈ ਪ੍ਰਾਣੀਆਂ ਵੱਲੋਂ ਅੰਮ੍ਰਿਤ ਛਕਣ ਦੀ ਇੱਛਾ ਪ੍ਰਗਟ ਕੀਤੀ ਗਈ, ਜਿਸ ਦਾ ਸੰਗਤ ਨੇ ਜੈਕਾਰਿਆਂ ਦੀ ਗੂੰਜ ਨਾਲ ਸਵਾਗਤ ਕੀਤਾ।




ਚੈਕ ਪੋਸਟ
ਪੰਜਾਬੀ/ਹਿੰਦੀ ਅਖ਼ਬਾਰ
ਇਸ਼ਤਿਹਾਰ ਅਤੇ ਖ਼ਬਰਾਂ ਦੇਣ ਲਈ ਸੰਪਰਕ ਕਰੋ
www.checkpostnews.com | YouTube CHANNEL | LIKE | SHARE | COMMENT KARO
WhatsAap 9914310950 | M : 98144-74428
E-mail:-checkpostpunjab@gmail.com

### ਪਮਾਲੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਸਜਾਏ ਜਾਣ ਵਾਲੇ

# ਨਗਰ ਕੀਰਤਨ ਦਾ 24 ਅਕਤੂਬਰ ਦੀ ਰਾਤ ਸੱਚਖੰਡ ਪੰਡਵਾਂ ਵਿਖੇ ਹੋਵੇਗਾ ਠਹਿਰਾਓ

- ਨਗਰ ਕੀਰਤਨ ਦਾ ਸੱਚਖੰਡ ਪੰਡਵਾਂ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਕੀਤਾ ਜਾਵੇਗਾ ਭਰਵਾਂ ਸਵਾਗਤ : ਸੰਤ ਜਸਵਿੰਦਰ ਸਿੰਘ
- ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਪੰਡਵਾਂ ਵਲੋਂ ਸੰਗਤਾਂ ਲਈ ਲੰਗਰ ਤੇ ਰਿਹਾਇਸ਼ ਦੇ ਕੀਤੇ ਜਾਣ ਪ੍ਰਬੰਧ

(ਸਤ ਪ੍ਰਕਾਸ਼ ਸਿੰਘ ਸੱਗੂ) ਫਗਵਾੜਾ। ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਪਮਾਲੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੱਕ 24 ਅਤੇ 25 ਅਕਤੂਬਰ ਨੂੰ ਸਜਾਏ ਜਾ ਰਹੇ ਇਤਿਹਾਸਕ ਨਗਰ ਕੀਰਤਨ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਨਗਰ ਕੀਰਤਨ 24 ਅਕਤੂਬਰ ਨੂੰ ਪਿੰਡ ਪਮਾਲੀ ਤੋਂ ਰਵਾਨਾ ਹੋਵੇਗਾ ਅਤੇ 24 ਅਕਤੂਬਰ ਦੀ ਰਾਤ ਨੂੰ ਸ੍ਰੀਮਾਨ 108 ਸੰਤ ਮਹਿੰਦਰ ਪਾਲ ਜੀ ਗੱਦੀ ਨਸ਼ੀਨ ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ (ਰਜਿ:) ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਫਗਵਾੜਾ ਵਿਖੇ ਵਿਸ਼ਰਾਮ ਕਰੇਗਾ।

ਇਸ ਸਬੰਧੀ ਨਗਰ ਕੀਰਤਨ ਕਮੇਟੀ ਦੇ ਪ੍ਰਬੰਧਕਾਂ ਦੀ ਸ੍ਰੀਮਾਨ ਸੰਤ ਜਸਵਿੰਦਰ ਸਿੰਘ ਜੀ ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਫਗਵਾੜਾ, ਨਾਲ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ



ਦੌਰਾਨ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਦੇ ਰਾਤਰੀ ਠਹਿਰਾਅ, ਲੰਗਰ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਸੰਤ ਜਸਵਿੰਦਰ ਸਿੰਘ ਜੀ ਨੇ ਕਿਹਾ ਕਿ ਪਮਾਲੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਸਜਾਏ ਜਾ ਰਹੇ ਇਸ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਦਾ ਸੱਚਖੰਡ ਪੰਡਵਾਂ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ ਅਤੇ ਸ਼ਾਮ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ। ਉਨ੍ਹਾਂ ਸਮੂਹ ਸੰਗਤਾਂ ਨੂੰ ਇਸ ਮਹਾਨ ਧਾਰਮਿਕ ਉਪਰਾਲੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

ਨਗਰ ਕੀਰਤਨ ਦੇ ਮੁੱਖ ਪ੍ਰਬੰਧਕ ਜਸਵੀਰ ਸਿੰਘ ਪਮਾਲੀ ਸਾਬਕਾ ਮੈਂਬਰ ਰੇਲਵੇ ਬੋਰਡ ਅਤੇ ਸ੍ਰੀ ਤਰਸੇਮ ਲਾਲ ਚੁੰਬਰ ਇੰਚਾਰਜ ਨਗਰ ਕੀਰਤਨ ਜੋਨ ਦੁਆਬਾ ਨੇ ਕਿਹਾ ਕਿ ਪਿੰਡ ਪਮਾਲੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਸਜਾਇਆ ਜਾ ਰਿਹਾ ਇਹ ਨਗਰ ਕੀਰਤਨ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੀ ਬਰਾਬਰੀ, ਮਨੁੱਖੀ ਸਤਿਕਾਰ ਅਤੇ ਬੇਗਮਪੁਰਾ ਦੇ ਸੰਕਲਪ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

ਜਸਵੀਰ ਸਿੰਘ ਪਮਾਲੀ ਸਾਬਕਾ ਮੈਂਬਰ ਰੇਲਵੇ ਬੋਰਡ, ਤਰਸੇਮ ਲਾਲ ਚੁੰਬਰ ਇੰਚਾਰਜ ਨਗਰ ਕੀਰਤਨ ਜੋਨ ਦੁਆਬਾ, ਬਲਵੀਰ ਸਿੰਘ ਖਾਲਸਾ ਲੁਧਿਆਣਾ, ਰਜਿੰਦਰ ਸਿੰਘ ਰਾਜੂ ਪ੍ਰਧਾਨ ਬੇਗਮਪੁਰਾ ਸੇਵਾ ਦਲ ਅਤੇ ਅਵਤਾਰ ਸਿੰਘ ਪਮਾਲੀ ਸਾਬਕਾ ਜ਼ਿਲ੍ਹਾ ਖੇਤੀਬਾੜੀ ਅਫ਼ਸਰ ਹਾਜ਼ਰ ਸਨ। ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ 24 ਅਕਤੂਬਰ ਨੂੰ ਪਿੰਡ ਪਮਾਲੀ ਤੋਂ ਰਵਾਨਾ ਹੋਣ ਵਾਲੇ ਨਗਰ ਕੀਰਤਨ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਦੀਆਂ ਖ਼ੁਸ਼ੀਆਂ ਸਾਂਝੀਆਂ ਕਰਨ ਅਤੇ ਬੇਗਮਪੁਰਾ ਦੇ ਸੰਕਲਪ ਨੂੰ ਘਰ-ਘਰ ਪਹੁੰਚਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਡਾ. ਅਵਿਨਾਸ਼ ਰਾਣਾ ਦੇ ਸੀ.ਸੀ.ਆਈ. ਪੰਜਾਬ ਪ੍ਰਧਾਨ ਬਣਨ 'ਤੇ ਕੀਤਾ ਸਨਮਾਨ

### ਆਰ.ਪੀ.ਆਈ. ਦੇ ਸੂਬਾ ਜਨਰਲ ਸਕੱਤਰ ਗੁਰਸੇਵਕ ਸਿੰਘ ਕਮਾਲਪੁਰ ਨੇ ਸਿਰੋਪਾਓ ਪਾ ਕੇ ਦਿੱਤੀ ਵਧਾਈ

(ਜਗਸੀਰ ਸਿੰਘ) ਲੌਂਗੋਵਾਲ। ਲੰਮੇ ਸਮੇਂ ਤੋਂ ਮਾਨਵ ਸੇਵਾ ਨੂੰ ਸਮਰਪਿਤ ਡਾ. ਅਵਿਨਾਸ਼ ਰਾਣਾ ਨੂੰ ਕੰਜਿਊਮਰ ਕਨਫੈਡਰੇਸ਼ਨ ਆਫ ਇੰਡੀਆ (ਸੀ.ਸੀ.ਆਈ.) ਦਾ ਪੰਜਾਬ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਆਰ.ਪੀ.ਆਈ. ਦੇ ਸੂਬਾ ਜਨਰਲ ਸਕੱਤਰ ਗੁਰਸੇਵਕ ਸਿੰਘ ਕਮਾਲਪੁਰ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਗੁਰਸੇਵਕ ਸਿੰਘ ਕਮਾਲਪੁਰ ਨੇ ਡਾ. ਅਵਿਨਾਸ਼ ਰਾਣਾ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।



ਡਾ. ਅਵਿਨਾਸ਼ ਰਾਣਾ ਦੀ ਨਿਯੁਕਤੀ ਸਬੰਧੀ ਐਲਾਨ ਕੰਜਿਊਮਰ ਕਨਫੈਡਰੇਸ਼ਨ ਆਫ ਇੰਡੀਆ ਦੇ ਕੌਮੀ ਚੇਅਰਮੈਨ ਡਾ. ਅਨੰਤ ਸ਼ਰਮਾ ਵੱਲੋਂ ਬੀਤੇ ਦਿਨ ਜੈਪੁਰ, ਰਾਜਸਥਾਨ ਵਿਖੇ ਹੋਈ ਆਲ ਇੰਡੀਆ ਕੰਜਿਊਮਰ ਕਾਨਫਰੰਸ ਦੌਰਾਨ ਕੀਤਾ ਗਿਆ ਸੀ। ਇਸ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਗੁਰਸੇਵਕ ਸਿੰਘ ਕਮਾਲਪੁਰ ਨੇ ਕਿਹਾ ਕਿ ਡਾ. ਅਵਿਨਾਸ਼ ਰਾਣਾ ਲੰਮੇ ਸਮੇਂ ਤੋਂ ਮਾਨਵ ਸੇਵਾ ਅਤੇ ਲੋਕ ਭਲਾਈ ਦੇ ਕਾਰਜਾਂ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਖਪਤਕਾਰਾਂ ਦੀ ਭਲਾਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਡਾ. ਰਾਣਾ ਵੱਲੋਂ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ। ਇਸ ਮੌਕੇ ਭਿੰਦਰ ਸਿੰਘ ਉਪਲੀ ਨੇ ਵੀ ਡਾ. ਅਵਿਨਾਸ਼ ਰਾਣਾ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਹੋਰ ਤਰੱਕੀ ਤੇ ਸਫਲਤਾ ਲਈ ਕਾਮਨਾ ਕੀਤੀ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਡਾ. ਰਾਣਾ ਸੀ.ਸੀ.ਆਈ. ਦੇ ਪੰਜਾਬ ਸੂਬਾ ਪ੍ਰਧਾਨ ਵਜੋਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਖਪਤਕਾਰਾਂ ਦੇ ਹਿੱਤਾਂ ਲਈ ਹੋਰ ਸਰਗਰਮੀ ਨਾਲ ਕੰਮ ਕਰਨਗੇ।

# ਲੋਕ ਭਲਾਈ ਵੈਲਫੇਅਰ ਸੁਸਾਇਟੀ ਵੱਲੋਂ ਜਤਿੰਦਰ ਸਿੰਘ ਸੰਟੀ ਸਨਮਾਨਿਤ

- ਮਨੁੱਖੀ ਅਧਿਕਾਰ ਕਮਿਸ਼ਨ ਲੋਕਾਂ ਨੂੰ ਇਨਸਾਫ਼ ਦਿਵਾਉਣ ਵਿੱਚ ਨਿਭਾ ਰਿਹਾ ਅਹਿਮ ਭੂਮਿਕਾ : ਡਾ. ਪਰਮਿੰਦਰ ਸਿੰਘ ਹਮੀਦੀ

(ਸੋਨੀ ਮਾਗੇਵਾਲ) ਮਹਿਲ ਕਲਾਂ। ਪੰਜਾਬ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ੍ਰੀ ਜਤਿੰਦਰ ਸਿੰਘ ਸੰਟੀ ਅਤੇ ਜਿਲ੍ਹਾ ਪ੍ਰਧਾਨ ਭੋਲਾ ਸਿੰਘ ਵਿਰਕ ਦਾ ਲੋਕ ਭਲਾਈ ਵੈਲਫੇਅਰ ਸੁਸਾਇਟੀ ਮਹਿਲ ਕਲਾਂ (ਪੰਜਾਬ) ਦੇ ਪ੍ਰਧਾਨ ਅਤੇ ਸਮਾਜ ਸੇਵੀ ਡਾ ਪਰਮਿੰਦਰ ਸਿੰਘ ਹਮੀਦੀ ਅਤੇ ਸਮੁੱਚੀ ਟੀਮ ਵੱਲੋਂ ਵਿਸ਼ੇਸ ਸਨਮਾਨ ਕੀਤਾ ਗਿਆ। ਪਿੰਡ ਚੰਨਣਵਾਲ ਵਿਖੇ ਮਨੁੱਖੀ ਅਧਿਕਾਰ ਕਮਿਸਨ ਦੇ ਜਿਲਾ ਪ੍ਰਧਾਨ ਭੋਲਾ ਸਿੰਘ ਵਿਰਕ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੇ ਸਹਿਯੋਗ ਨਾਲ ਸਹੀਦ ਭਗਤ ਸਿੰਘ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਕਰਵਾਏ ਸਮਾਗਮ ਵਿੱਚ ਸਮੂਲੀਅਤ ਕਰਨ ਅਤੇ ਲੋਕਾਂ ਦੀਆਂ ਮੁਸਕਲਾਂ ਸੁਨਣ ਲਈ ਪੁੱਜੇ ਸਨ। ਇਸ ਮੌਕੇ ਗੱਲਬਾਤ ਕਰਦਿਆਂ ਮਨੁੱਖੀ ਅਧਿਕਾਰ ਕਮਿਸਨ ਪੰਜਾਬ ਦੇ ਮੈਂਬਰ ਜਤਿੰਦਰ ਸੰਟੀ ਨੇ ਲੋਕ ਭਲਾਈ ਵੈਲਫੇਅਰ ਸੁਸਾਇਟੀ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਕਾਰਜਾਂ ਦੀ ਸਲਾਘਾ ਕੀਤੀ। ਉਹਨਾਂ ਕਿਹਾ ਕਿ ਜਿੱਥੇ ਕੇਂਦਰ ਤੇ ਰਾਜ ਸਰਕਾਰਾਂ ਸੂਬਿਆਂ ਲਈ ਕਾਰਜ ਕਰਦੀਆਂ ਹਨ,ਉਥੇ ਕਲੱਬਾ ਅਤੇ ਸੁਸਾਇਟੀਆਂ ਦਾ ਬਹੁਤ ਵੱਡਾ ਰੋਲ ਹੈ। ਲੋੜਬੰਦਾਂ ਦੀ ਮੱਦਦ ਅਤੇ



ਬੇਸਹਾਰਿਆਂ ਦਾ ਸਹਾਰਾ ਬਣਕੇ ਸੁਸਾਇਟੀਆਂ ਹਮੇਸ਼ਾਂ ਅੱਗੇ ਹੋ ਕੇ ਕੰਮ ਕਰਦੀਆਂ ਹਨ। ਲੋਕ ਭਲਾਈ ਵੈਲਫੇਅਰ ਸੁਸਾਇਟੀ ਵੱਲੋਂ ਨਸਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਕਾਰਜ ਸਲਾਘਾਯੋਗ ਹਨ, ਜਿਸ ਸਦਕਾ ਨੌਜਵਾਨ ਮੁੰਡੇ ਕੁੜੀਆਂ ਨਸਿਆਂ ਦੀ ਦਲਦਲ ਵਿੱਚੋ ਬਾਹਰ ਆ ਰਹੇ ਹਨ। ਉਹਨਾਂ ਕਿਹਾ ਕਿ ਜਦੋਂ ਵੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਬਰਾਂ ਦੀ ਲੋੜ ਮਹਿਸੂਸ ਹੋਵੇ, ਉਹ ਹਮੇਸ਼ਾਂ ਹਾਜਰ ਹਨ। ਇਸ ਮੌਕੇ ਜਤਿੰਦਰ ਸਿੰਘ ਸੰਟੀ ਨਾਲ ਵੱਖ ਵੱਖ ਮਸਲਿਆਂ ਤੇ ਵਿਚਾਰ ਚਰਚਾ ਕਰਨ ਤੋ ਬਾਅਦ ਗੱਲਬਾਤ ਕਰਦਿਆਂ ਡਾ ਪਰਮਿੰਦਰ ਸਿੰਘ ਹਮੀਦੀ ਨੇ ਕਿਹਾ ਕਿ ਲੋਕ ਭਲਾਈ ਵੈਲਫੇਅਰ ਸੁਸਾਇਟੀ ਅਤੇ ਫਿੱਟ ਲਾਈਫ ਹਰਬਲ ਦਵਾਖਾਨਾ ਹਰ ਲੋੜਬੰਦ ਤੱਕ ਪਹੁੰਚ ਕਰਨ ਦੀ ਕੋਸ਼ਿਸ਼ ਕਰਦਾ ਹੈ। ਸੁਸਾਇਟੀ ਵੱਲੋਂ ਜਿੱਥੇ ਘਰ ਬਣਾਉਣ ਵਿੱਚ ਸਹਿਯੋਗ ਦਿੱਤਾ ਜਾਂਦਾ ਉਥੇ ਧੀਆਂ ਦੇ ਵਿਆਹ, ਸਕੂਲੀ ਬੱਚਿਆਂ ਨੂੰ ਫੀਸ ਅਤੇ ਕਾਪੀਆਂ ਕਿਤਾਬਾਂ, ਬਜੁਰਗਾਂ ਲਈ ਸਮੇਂ ਸਮੇਂ ਦਵਾਈਆਂ ਅਤੇ ਨਸਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਨਸਾ ਛੱਡਣ ਲਈ ਦਵਾਈਆਂ ਮਹੁੱਈਆ ਕਰਵਾਈਆਂ ਜਾਂਦੀਆ ਹਨ। ਸੈਕੜੇ ਨੌਜਵਾਨ ਮੁੰਡੇ ਕੁੜੀਆਂ ਨਸਾ ਛੱਡਕੇ ਸੋਹਣੀ ਜਿੰਦਗੀ ਜੀਅ ਰਹੇ ਹਨ। ਉਹਨਾਂ ਕਿਹਾ ਕਿ ਇਲਾਕਾ ਮਹਿਲ ਕਲਾਂ ਵਿੱਚ ਧੀਆਂ ਦੀ ਲੋਹੜੀ ਦਾ ਪ੍ਰਭਾਵਸ਼ਾਲੀ ਸਮਾਗਮ ਹਰ ਸਾਲ ਕਰਵਾਇਆ ਜਾਂਦਾ ਹੈ ਜਿਸ ਵਿੱਚ ਧੀਆਂ ਦਾ ਸਨਮਾਨ ਕੀਤਾ ਜਾਂਦਾ ਹੈ। ਡਾ ਪਰਮਿੰਦਰ ਸਿੰਘ ਹਮੀਦੀ ਨੇ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਲੋਕਾਂ ਨੂੰ ਅਧਿਕਾਰਾਂ ਪ੍ਰਤੀ ਲਾਮਬੰਦ ਕਰਨ ਅਤੇ ਇਨਸਾਫ਼ ਦਿਵਾਉਣ ਦੇ ਕਾਰਜ ਦੀ ਸਲਾਘਾ ਕੀਤੀ। ਇਸ ਮੌਕੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਡੀ ਐਸ ਪੀ ਮਹਿਲ ਕਲਾਂ, ਸਰਪੰਚ ਗੁਰਜੰਟ ਸਿੰਘ ਚੰਨਣਵਾਲ, ਸੁਸਾਇਟੀ ਦੇ ਆਗੂ ਡਾ ਅਮਰਜੀਤ ਸਿੰਘ ਮਹਿਲ ਕਲਾਂ, ਫਿਰੋਜ ਖਾਨ, ਸੋਨੀ ਬੰਮਰਾਹ, ਡਾ ਜਗਸੀਰ ਸਿੰਘ ਬਬਲੂ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ।

# ਪਿੰਡ ਵਜੀਦਕੇ ਖੁਰਦ ਵਿਖੇ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ

- ਡਾ. ਹਰਵਿੰਦਰ ਸਿੰਘ ਰਿੰਕੂ ਦੇ ਉਪਰਾਲੇ ਸਦਕਾ 250 ਤੋਂ ਵੱਧ ਮਰੀਜਾਂ ਦੀ ਜਾਂਚ

(ਸੋਨੀ ਮਾਗੇਵਾਲ) ਮਹਿਲ ਕਲਾਂ। ਨੇੜਲੇ ਇਤਿਹਾਸਕ ਪਿੰਡ ਵਜੀਦਕੇ ਖੁਰਦ ਵਿਖੇ ਸਮਾਜ ਸੇਵੀ ਸਵ: ਭਜਨ ਸਿੰਘ (ਮੈਂਬਰ) ਦੀ ਯਾਦ ਵਿੱਚ ਉਹਨਾਂ ਦੇ ਸਪੁੱਤਰ ਡਾ ਹਰਵਿੰਦਰ ਸਿੰਘ ਰਿੰਕੂ, ਰਜਿੰਦਰ ਸਿੰਘ ਸਰੋਏ ਅਤੇ ਪਰਿਵਾਰ ਵੱਲੋਂ ਗ੍ਰਾਮ ਪੰਚਾਇਤ 'ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈਕਅੱਪ ਤੇ ਵੱਖ ਵੱਖ ਟੈਸਟਾਂ ਦਾ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਅੱਖਾਂ ਦੇ ਮਾਹਰ ਤਿ?ਲੋਕੀ ਅੱਖਾਂ ਦਾ ਹਸਪਤਾਲ ਤੇ ਰੇਟੀਨਾ ਸੈਟਰ ਬਰਨਾਲਾ ਵੱਲੋਂ ਮਰੀਜਾਂ ਦੀ ਜਾਂਚ ਕੀਤੀ ਗਈ। ਇਸ ਕੈਂਪ ਦੌਰਾਨ 250 ਦੇ ਕਰੀਬ ਮਰੀਜਾਂ ਦੀਆਂ ਅੱਖਾਂ ਦਾ ਜਾਂਚ



ਕੀਤੀ ਗਈ ਤੇ ਲੋੜਬੰਦ ਮਰੀਜਾਂ ਦੇ ਅੱਖਾਂ ਦੇ ਲੈਨਜ਼ ਮੁਫਤ ਪਾਏ ਗਏ। ਇਸ ਮੌਕੇ ਡਾ ਤਿ?ਲੋਕੀ ਗਰਗ ਅਤੇ ਡਾ ਮੋਹਿਤ ਗਰਗ ਨੇ ਕਿਹਾ ਕਿ ਅੱਖਾਂ ਮਨੁੱਖ ਦੇ ਸਰੀਰ ਦਾ ਮੁੱਖ ਅੰਗ ਹਨ। ਅੱਖਾਂ ਤੋਂ ਬਿਨਾਂ ਜੀਵਨ ਬਸਰ ਕਰਨਾ ਸਭ ਤੋਂ ਮੁਸਕਿਲ ਹੈ। ਇਸ ਲਈ ਅੱਖਾਂ ਦੀ ਵਿਸੇਸ ਸਾਂਭ ਸੰਭਾਲ ਜਰੂਰੀ ਹੈ। ਇਸ ਮੌਕੇ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਡਾ ਸਹਿਬਾਨਾਂ ਅਤੇ ਡਾ ਹਰਵਿੰਦਰ ਸਿੰਘ ਰਿੰਕੂ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਡਾ ਹਰਵਿੰਦਰ ਸਿੰਘ ਰਿੰਕੂ ਅਤੇ ਰਜਿੰਦਰ ਸਿੰਘ ਸਰੋਏ ਨੇ ਸਮੂਹ ਡਾ ਸਹਿਬਾਨਾਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਅੱਗੇ ਤੋਂ ਇਸ ਤਰ੍ਹਾਂ ਦੇ ਹੋਰ ਕਾਰਜ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਦਾਰਾ ਸਿੰਘ ਫੌਜੀ, ਗੁਰਜੀਤ ਸਿੰਘ ਗਿੱਲ ਮੋਗੇ ਵਾਲੇ, ਮੈਂਬਰ ਅਮਨਦੀਪ ਸਿੰਘ ਗੋਲਡੀ, ਕਾਬਲ ਸਿੰਘ ਘੁੰਮਣ, ਮੈਂਬਰ ਕੁਲਵਿੰਦਰ ਸਿੰਘ ਸੋਨੂੰ,ਸਾਹਿਬ ਸਿੰਘ ਗਿੱਲ, ਨੰਬਰਦਾਰ ਬੇਅੰਤ ਸਿੰਘ ਸਰਾਂ,ਆਜਾਦ ਪ੍ਰੈਸ ਕਲੱਬ ਦੇ ਪ੍ਰਧਾਨ ਜਸਵੀਰ ਸਿੰਘ ਵਜੀਦਕੇ, ਵੀਡੀਓ ਡਾਇਰੈਕਟਰ ਹਰਪਾਲ ਪਾਲੀ ਵਜੀਦਕੇ, ਕੁਲਵਿੰਦਰ ਸਿੰਘ ਕਿੰਦੀ ਗਿੱਲ,ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਆਗ ਸੁਰਿੰਦਰ ਸਿੰਘ ਸਿੰਦਾ ਗਿੱਲ, ਸਾਬਕਾ ਪੰਚ ਬਲਜੀਤ ਸਿੰਘ ਬਬਲੂ,ਸ਼ਾਬਕਾ ਪੰਚ ਦਰਸਨ ਸਿੰਘ, ਹੈਡ ਗ੍ਰੰਥੀ ਸੁਖਵਿੰਦਰ ਸਿੰਘ ਖਾਲਸਾ,ਐਮ ਪੀ ਵਜੀਦਕੇ, ਮੇਹਰ ਸਿੰਘ ਗਰੇਵਾਲ,ਡਾ ਟੀਮ ਦੇ ਸਹਾਇਕ ਗੁਰਸੇਵਕ ਸਿੰਘ, ਦਿਲਜੀਤ ਕੌਰ ਸੰਘੇੜਾ, ਵਿਕਾਸ ਸਿੰਘ, ਜਸਪ੍ਰੀਤ ਕੌਰ, ਅਮਨਦੀਪ ਸਿੰਘ, ਗਗਨਦੀਪ ਕੌਰ, ਬਿੰਦਰ ਸਿੰਘ ਸਰੋਏ, ਮਨਦੀਪ ਸਿੰਘ ਗੱਗੀ ਸਰੋਏ,ਪੀਤ ਸਿੰਘ ਅਤੇ ਤਾਰੀ ਅੰਮ੍ਰਿਤਸਰੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ।

# ਐਲ.ਪੀ.ਯੂ. ਤੇ ਚਿਤਕਾਰਾ ਯੂਨੀਵਰਸਿਟੀ ਨਾਲ ਜੁੜੇ ਘਟਨਾਕ੍ਰਮ ਦੀ ਨਿਰਪੱਖ ਤੇ ਸਮਾਂਬੱਧ ਜਾਂਚ ਹੋਵੇ : ਐਡਵੋਕੇਟ ਸੂਰਜ ਸਿੰਘ

- ਵਾਇਰਲ ਵੀਡੀਓਜ਼ ਤੇ ਅਪੁਸ਼ਟ ਦਾਅਵਿਆਂ ਨੇ ਵਿਦਿਆਰਥੀਆਂ ਵਿੱਚ ਪੈਦਾ ਕੀਤਾ ਡਰ ਚਿੰਤਾਜਨਕ

(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਸ਼੍ਰੋਮਣੀ ਅਕਾਲੀ ਦਲ (ਬ) ਦੇ ਆਰ.ਟੀ.ਆਈ. ਸੈੱਲ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸੂਰਜ ਸਿੰਘ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਫਗਵਾੜਾ ਅਤੇ ਚਿਤਕਾਰਾ ਯੂਨੀਵਰਸਿਟੀ, ਰਾਜਪੁਰਾ ਨਾਲ ਜੁੜੇ ਹਾਲੀਆ ਘਟਨਾਕ੍ਰਮ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਵਿੱਚ ਡਰ, ਅਫਵਾਹਾਂ ਅਤੇ ਹਿੰਸਕ ਘਟਨਾਵਾਂ ਦਾ ਮਾਹੌਲ ਬਣਨਾ ਬੇਹੱਦ ਗੰਭੀਰ ਮਾਮਲਾ ਹੈ।



ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਵੀਡੀਓਜ਼ ਅਤੇ ਅਪੁਸ਼ਟ ਦਾਅਵਿਆਂ ਕਾਰਨ ਵਿਦਿਆਰਥੀਆਂ ਵਿੱਚ ਡਰ ਅਤੇ ਭੰਬਲਭੂਸਾ ਪੈਦਾ ਹੋ ਰਿਹਾ ਹੈ। ਜੇਕਰ ਵਾਇਰਲ ਸਮੱਗਰੀ ਵਿੱਚ ਕੀਤੇ ਗਏ ਦਾਅਵੇ ਜਾਂਚ ਦੌਰਾਨ ਸਹੀ ਪਾਏ ਜਾਂਦੇ ਹਨ ਤਾਂ ਦੋਸ਼ੀਆਂ ਦੀ ਪਛਾਣ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਦੇ ਉਲਟ ਜੇਕਰ ਕੋਈ ਦਾਅਵਾ ਝੂਠਾ ਜਾਂ ਗੁੰਮਰਾਹਕੁੰਨ ਸਾਬਤ ਹੁੰਦਾ ਹੈ ਤਾਂ ਅਫਵਾਹਾਂ ਫੈਲਾਉਣ ਅਤੇ ਭੜਕਾਊ ਸਮੱਗਰੀ ਪ੍ਰਸਾਰਿਤ ਕਰਨ ਵਾਲਿਆਂ ਦੀ ਵੀ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ। ਐਡਵੋਕੇਟ ਸੂਰਜ ਸਿੰਘ ਨੇ ਕਿਹਾ ਕਿ ਦੋਵੇਂ ਮਾਮਲਿਆਂ ਦੀ ਨਿਰਪੱਖ, ਉੱਚ ਪੱਧਰੀ ਅਤੇ ਸਮਾਂਬੱਧ ਜਾਂਚ ਜ਼ਰੂਰੀ ਹੈ। ਵਾਇਰਲ ਵੀਡੀਓਜ਼ ਦੇ ਅਸਲ ਸਰੋਤ, ਉਨ੍ਹਾਂ ਨੂੰ ਸਭ ਤੋਂ ਪਹਿਲਾਂ ਪ੍ਰਸਾਰਿਤ ਕਰਨ ਵਾਲਿਆਂ ਅਤੇ ਘਟਨਾਵਾਂ ਨਾਲ ਸਬੰਧਤ ਹਰ ਪੱਖ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ, ਤਾਂ ਜੋ ਅਸਲ ਤੱਥ ਸਾਹਮਣੇ ਆ ਸਕਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਡਰ ਅਤੇ ਅਫਵਾਹਾਂ ਦੇ ਮਾਹੌਲ ਵਿੱਚ ਨਹੀਂ, ਸਗੋਂ ਸੁਰੱਖਿਅਤ ਅਤੇ ਸ਼ਾਂਤਮਈ ਵਾਤਾਵਰਣ ਵਿੱਚ ਸਿੱਖਿਆ ਪ੍ਰਾਪਤ ਕਰਨ ਦਾ ਅਧਿਕਾਰ ਹੈ। ਸਿੱਖਿਆ ਸੰਸਥਾਵਾਂ ਵਿੱਚ ਹਿੰਸਾ, ਭੰਨਤੋੜ, ਅੱਗਜ਼ਨੀ ਜਾਂ ਆਵਾਜਾਈ ਵਿੱਚ ਵਿਘਨ ਵਰਗੀਆਂ ਘਟਨਾਵਾਂ ਨੂੰ ਕਿਸੇ ਵੀ ਹਾਲਤ ਵਿੱਚ ਹਲਕੇ ਵਿੱਚ ਨਹੀਂ ਲਿਆ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਸਿਰਫ਼ ਬਿਆਨ ਜਾਰੀ ਕਰਨ ਤੱਕ ਸੀਮਤ ਰਹਿਣ ਦੀ ਬਜਾਏ ਅਜਿਹੀਆਂ ਸਥਿਤੀਆਂ ਨੂੰ ਰੋਕਣ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ। ਜੇਕਰ ਕੋਈ ਅਫਵਾਹ ਜਾਂ ਗਲਤ ਜਾਣਕਾਰੀ ਫੈਲਦੀ ਹੈ ਤਾਂ ਉਸ ਦਾ ਤੁਰੰਤ ਤੱਥਾਂ ਸਮੇਤ ਖੰਡਨ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਦੋਵੇਂ ਮਾਮਲਿਆਂ ਦੇ ਅਸਲ ਤੱਥ ਲੋਕਾਂ ਅਤੇ ਵਿਦਿਆਰਥੀਆਂ ਸਾਹਮਣੇ ਲਿਆਂਦੇ ਜਾਣ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਿਨਾਂ ਕਿਸੇ ਪੱਖਪਾਤ ਦੇ ਕਾਰਵਾਈ ਕੀਤੀ ਜਾਵੇ। ਐਡਵੋਕੇਟ ਸੂਰਜ ਸਿੰਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਦਾ ਭਵਿੱਖ ਅਫਵਾਹਾਂ, ਹਿੰਸਾ ਅਤੇ ਅਰਾਜਕਤਾ ਦੀ ਭੇਟ ਨਹੀਂ ਚੜ੍ਹਨ ਦਿੱਤਾ ਜਾ ਸਕਦਾ।

# ਦਿਲ ਦੀ ਸਿਹਤ ਲਈ ਸਾਵਧਾਨੀ ਤੇ ਸਿਹਤਮੰਦ ਜੀਵਨਸ਼ੈਲੀ ਜ਼ਰੂਰੀ : ਡਾ. ਨਵਜੋਤ ਸਿੰਘ, ਡਾ. ਨੇਹਾ ਪਾਲ

(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਵਿਸ਼ਵ ਦਿਲ ਦਿਵਸ ਦੇ ਮੌਕੇ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੀ ਅਗਵਾਈ ਹੇਠ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਸਾਲ ਵਿਸ਼ਵ ਦਿਲ ਦਿਵਸ ਦੀ ਥੀਮ "ਇੱਕ ਵੀ ਧੜਕਣ ਨਾ ਖੁੰਝੇ"ਰੱਖੀ ਗਈ ਹੈ। ਸੈਮੀਨਾਰ ਦੀ ਅਗਵਾਈ ਸੀਨੀਅਰ ਮੈਡੀਕਲ ਅਫ਼ਸਰ ਡਾ. ਨਵਜੋਤ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਨੇਹਾ ਪਾਲ ਵੱਲੋਂ ਕੀਤੀ ਗਈ ! ਸੈਮੀਨਾਰ ਦੌਰਾਨ ਮਾਤਾ ਗੁਜਰੀ ਕਾਲਜ ਆਫ਼ ਨਰਸਿੰਗ ਅਤੇ ਸ੍ਰੀ ਗੁਰੂ ਰਾਮ ਦਾਸ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲੈਂਦਿਆਂ ਦਿਲ ਦੀ ਸਿਹਤ ਅਤੇ ਸਿਹਤਮੰਦ ਜੀਵਨਸ਼ੈਲੀ ਸਬੰਧੀ ਜਾਗਰੂਕਤਾ ਚਾਰਟ ਤਿਆਰ ਕੀਤੇ। ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ।




ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਰਣਜੀਤ ਸਿੰਘ ਨੇ ਗੈਰ-ਸੰਚਾਰੀ ਬਿਮਾਰੀਆਂ ਦੀ ਰੋਕਥਾਮ ਅਤੇ ਨਿਯੰਤਰਣ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ 30 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਲਈ ਆਯੁਸ਼ਮਾਨ ਆਰੋਗਿਆ ਕੇਂਦਰਾਂ ਵਿਖੇ ਗੈਰ-ਸੰਚਾਰੀ ਬਿਮਾਰੀਆਂ ਦੀ ਮੁਫ਼ਤ ਸਿਹਤ ਜਾਂਚ ਅਤੇ ਲੋੜ ਅਨੁਸਾਰ ਇਲਾਜ ਦੀ ਸਹੂਲਤ ਉਪਲਬਧ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਬਲੱਡ ਪ੍ਰੈਸ਼ਰ, ਸ਼ੂਗਰ, ਕੋਲੈਸਟਰੋਲ ਆਦਿ ਦੀ ਨਿਯਮਿਤ ਜਾਂਚ ਕਰਵਾਈ ਜਾਵੇ, ਤਾਂ ਜੋ ਕਿਸੇ ਵੀ ਬਿਮਾਰੀ ਦੀ ਸਮੇਂ ਸਿਰ ਪਛਾਣ ਕਰਕੇ ਇਲਾਜ ਸ਼ੁਰੂ ਕੀਤਾ ਜਾ ਸਕੇ। ਡਾ. ਨੇਹਾ ਪਾਲ ਨੇ ਕਿਹਾ ਕਿ ਦਿਲ ਦੀਆਂ ਬਿਮਾਰੀਆਂ ਤੋਂ ਬਚਾਅ ਲਈ ਸਿਰਫ਼ ਬਿਮਾਰੀ ਹੋਣ ਤੋਂ ਬਾਅਦ ਇਲਾਜ ਕਰਵਾਉਣਾ ਹੀ ਕਾਫ਼ੀ ਨਹੀਂ, ਸਗੋਂ ਪਹਿਲਾਂ ਤੋਂ ਹੀ ਸਾਵਧਾਨੀਆਂ ਵਰਤਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਸੰਤੁਲਿਤ ਅਤੇ ਪੌਸ਼ਟਿਕ ਖੁਰਾਕ ਲੈਣ, ਨਿਯਮਿਤ ਕਸਰਤ ਕਰਨ ਅਤੇ ਸਰੀਰਕ ਤੌਰ 'ਤੇ ਸਰਗਰਮ ਰਹਿਣ 'ਤੇ ਜ਼ੋਰ ਦਿੱਤਾ। ਉਨ੍ਹਾਂ ਵੱਧ ਤੇਲ, ਨਮਕ ਅਤੇ ਚੀਨੀ ਵਾਲੇ ਭੋਜਨ ਅਤੇ ਜੰਕ ਫੂਡ ਤੋਂ ਪਰਹੇਜ਼ ਕਰਨ ਦੇ ਨਾਲ-ਨਾਲ ਤੰਬਾਕੂ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਦਿਲ ਦੀ ਧੜਕਣ ਅਚਾਨਕ ਰੁਕਣ ਦੀ ਸਥਿਤੀ ਵਿੱਚ ਸੀ.ਪੀ.ਆਰ. ਬਹੁਤ ਮਹੱਤਵਪੂਰਨ ਮੁੱਢਲੀ ਸਹਾਇਤਾ ਸਾਬਤ ਹੋ ਸਕਦੀ ਹੈ। ਇਸ ਲਈ ਹਰ ਵਿਅਕਤੀ ਨੂੰ ਸੀ.ਪੀ.ਆਰ. ਦੀ ਬੁਨਿਆਦੀ ਜਾਣਕਾਰੀ ਹੋਣੀ ਚਾਹੀਦੀ ਹੈ, ਤਾਂ ਜੋ ਐਮਰਜੈਂਸੀ ਸਮੇਂ ਸਮੇਂ ਸਿਰ ਸਹਾਇਤਾ ਦਿੱਤੀ ਜਾ ਸਕੇ। ਐਮ.ਡੀ. ਮੈਡੀਸਨ ਡਾ. ਮਹਿਕ ਨੇ ਦਿਲ ਦੀਆਂ ਬਿਮਾਰੀਆਂ ਦੇ ਮੁੱਖ ਕਾਰਨਾਂ, ਲੱਛਣਾਂ ਅਤੇ ਇਲਾਜ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਛਾਤੀ ਵਿੱਚ ਦਰਦ ਜਾਂ ਭਾਰ ਮਹਿਸੂਸ ਹੋਣਾ, ਸਾਹ ਲੈਣ ਵਿੱਚ ਤਕਲੀਫ਼, ਬੇਹੱਦ ਪਸੀਨਾ ਆਉਣਾ, ਚੱਕਰ ਆਉਣਾ ਜਾਂ ਅਚਾਨਕ ਕਮਜ਼ੋਰੀ ਵਰਗੇ ਲੱਛਣਾਂ ਨੂੰ ਅਣਦੇਖਾ ਨਹੀਂ ਕਰਨਾ ਚਾਹੀਦਾ। ਅਜਿਹੇ ਲੱਛਣ ਸਾਹਮਣੇ ਆਉਣ 'ਤੇ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਬਲਾਕ ਐਕਸਟੈਂਸ਼ਨ ਐਜੂਕੇਟਰ ਰੋਹਿਤ ਸ਼ਰਮਾ ਨੇ ਕਿਹਾ ਕਿ ਦਿਲ ਦੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਇਲਾਜ ਦੇ ਨਾਲ-ਨਾਲ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਵੀ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਦਿਲ ਦੀਆਂ ਬਿਮਾਰੀਆਂ ਦੇ ਖਤਰੇ ਦੇ ਕਾਰਕਾਂ, ਮੁੱਢਲੇ ਲੱਛਣਾਂ ਅਤੇ ਐਮਰਜੈਂਸੀ ਸਮੇਂ ਕੀਤੇ ਜਾਣ ਵਾਲੇ ਉਪਰਾਲਿਆਂ ਬਾਰੇ ਜਾਣਕਾਰੀ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਟਰੋਨ ਸਿਕੰਦਰ ਕੌਰ, ਨਰਸਿੰਗ ਸਿਸਟਰਜ਼ ਚਰਨਜੀਤ ਕੌਰ, ਪਰਵੇਸ਼, ਸੁਖਪ੍ਰੀਤ ਕੌਰ ਅਤੇ ਵੀਰਾ ਦੇਵੀ, ਆਈ.ਸੀ.ਐਨ. ਹਰਪ੍ਰੀਤ ਕੌਰ, ਮਾਸ ਮੀਡੀਆ ਵਿੰਗ ਤੋਂ ਸੰਦੀਪ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਅੰਤ ਵਿੱਚ ਡਾ. ਨਵਜੋਤ ਸਿੰਘ ਅਤੇ ਡਾ. ਨੇਹਾ ਪਾਲ ਨੇ ਸੈਮੀਨਾਰ ਵਿੱਚ ਸ਼ਾਮਲ ਮਹਿਮਾਨਾਂ, ਡਾਕਟਰਾਂ, ਸਿਹਤ ਵਿਭਾਗ ਦੇ ਅਧਿਕਾਰੀਆਂ-ਕਰਮਚਾਰੀਆਂ ਅਤੇ ਨਰਸਿੰਗ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਸਰਕਾਰੀ ਕੋਠੀਆਂ ਦੇ ਰਿਕਾਰਡ 'ਤੇ ਸਰਕਾਰ ਨੂੰ ਦੇਣਾ ਪਵੇਗਾ ਜਵਾਬ : ਡਾ. ਰਜਿੰਦਰ ਗਿੱਲ

- ਕੋਠੀ ਨੰਬਰ 960 ਤੇ 961 ਦੀ ਅਲਾਟਮੈਂਟ ਅਤੇ ਵਰਤੋਂ ਦੇ ਦਸਤਾਵੇਜ਼ ਜਨਤਕ ਕਰਨ ਦੀ ਮੰਗ

(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਪੰਜਾਬ ਸਰਕਾਰ ਦੀਆਂ ਚੰਡੀਗੜ੍ਹ ਸਥਿਤ ਸਰਕਾਰੀ ਰਿਹਾਇਸ਼ਾਂ ਦੀ ਅਲਾਟਮੈਂਟ ਅਤੇ ਵਰਤੋਂ ਨੂੰ ਲੈ ਕੇ ਸਾਹਮਣੇ ਆ ਰਹੇ ਵਿਵਾਦ ਨੇ ਸਰਕਾਰੀ ਪ੍ਰਬੰਧ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਸਬੰਧਤ ਸਵਾਲ ਖੜ੍ਹੇ ਕੀਤੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡੈਮੋਕਰੇਟਿਕ ਭਾਰਤੀ ਸਮਾਜ ਪਾਰਟੀ ਦੇ ਕੌਮੀ ਪ੍ਰਧਾਨ ਡਾ. ਰਜਿੰਦਰ ਗਿੱਲ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਡਾ. ਰਜਿੰਦਰ ਗਿੱਲ ਨੇ ਕਿਹਾ ਕਿ ਸਰਕਾਰੀ ਕੋਠੀ ਨੰਬਰ 960 ਅਤੇ 961 ਦੀ ਵਰਤੋਂ ਨੂੰ ਲੈ ਕੇ ਸਿਆਸੀ ਬਿਆਨਬਾਜ਼ੀ ਅਤੇ ਦੋਸ਼-ਜਵਾਬੀ ਦੋਸ਼ ਸਾਹਮਣੇ ਆ ਰਹੇ ਹਨ। ਤਾਜ਼ਾ ਮੀਡੀਆ ਰਿਪੋਰਟਾਂ ਵਿੱਚ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਵੱਲੋਂ ਇਨ੍ਹਾਂ ਸਰਕਾਰੀ ਰਿਹਾਇਸ਼ਾਂ ਦੀ ਵਰਤੋਂ ਸਬੰਧੀ ਸਵਾਲ ਉਠਾਏ ਜਾਣ ਅਤੇ 'ਆਪ' ਆਗੂ ਗਾਇਤਰੀ ਬਿਸ਼ਨੋਈ ਵੱਲੋਂ ਆਪਣੀ ਰਿਹਾਇਸ਼ ਬਾਰੇ ਸਪਸ਼ਟੀਕਰਨ ਦਿੱਤੇ ਜਾਣ ਦਾ ਜ਼ਿਕਰ ਹੈ। ਉਨ੍ਹਾਂ ਕਿਹਾ ਕਿ ਇਸ ਪੂਰੇ ਮਾਮਲੇ ਨੂੰ ਕਿਸੇ ਵਿਅਕਤੀ ਦੀ ਨਿੱਜੀ ਜ਼ਿੰਦਗੀ ਨਾਲ ਜੋੜਨ ਦੀ ਬਜਾਏ ਸਰਕਾਰੀ ਰਿਹਾਇਸ਼ ਦੀ ਅਲਾਟਮੈਂਟ ਅਤੇ ਵਰਤੋਂ ਨਾਲ ਜੁੜੇ ਨਿਯਮਾਂ ਦੇ ਆਧਾਰ 'ਤੇ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਜਾਣਨ ਦਾ ਹੱਕ ਹੈ ਕਿ ਸਰਕਾਰੀ ਕੋਠੀ ਕਿਸ ਦੇ ਨਾਮ ਅਲਾਟ ਹੈ, ਕਿਸ ਹੁਕਮ ਤਹਿਤ ਅਲਾਟ ਕੀਤੀ ਗਈ ਹੈ ਅਤੇ ਉਸ ਵਿੱਚ ਰਹਿਣ ਦੀ ਇਜਾਜ਼ਤ ਕਿਸ ਅਧਿਕਾਰ ਤਹਿਤ ਦਿੱਤੀ ਗਈ ਹੈ।



ਡਾ. ਗਿੱਲ ਨੇ ਕਿਹਾ ਕਿ ਜੇਕਰ ਕਿਸੇ ਮੰਤਰੀ ਨੂੰ ਅਲਾਟ ਸਰਕਾਰੀ ਰਿਹਾਇਸ਼ ਵਿੱਚ ਕਿਸੇ ਹੋਰ ਵਿਅਕਤੀ ਦੇ ਰਹਿਣ ਦੀ ਇਜਾਜ਼ਤ ਦਿੱਤੀ ਗਈ ਹੈ ਤਾਂ ਇਸ ਸਬੰਧੀ ਅਧਿਕਾਰਤ ਹੁਕਮ ਅਤੇ ਨਿਯਮ ਵੀ ਜਨਤਕ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਅਲਾਟਮੈਂਟ ਆਰਡਰ, ਕਬਜ਼ੇ ਦੀ ਜਾਣਕਾਰੀ ਅਤੇ ਇਜਾਜ਼ਤ ਨਾਲ ਸਬੰਧਤ ਦਸਤਾਵੇਜ਼ ਸਾਹਮਣੇ ਆਉਣ ਨਾਲ ਹੀ ਮਾਮਲੇ ਦੀ ਅਸਲ ਸਥਿਤੀ ਸਪੱਸ਼ਟ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਮੀਡੀਆ ਰਿਪੋਰਟਾਂ ਵਿੱਚ ਕੋਠੀ ਨੰਬਰ 960 ਨੂੰ ਲੈ ਕੇ ਵੱਖ-ਵੱਖ ਦਾਅਵੇ ਸਾਹਮਣੇ ਆਏ ਹਨ, ਜਦਕਿ ਗਾਇਤਰੀ ਬਿਸ਼ਨੋਈ ਨੇ ਕੋਠੀ ਨੰਬਰ 961 ਵਿੱਚ ਆਪਣੇ ਮਾਤਾ-ਪਿਤਾ ਨਾਲ ਰਹਿਣ ਦੀ ਗੱਲ ਕਹੀ ਹੈ। ਇਸ ਲਈ ਸਰਕਾਰ ਵੱਲੋਂ ਅਧਿਕਾਰਤ ਰਿਕਾਰਡ ਜਨਤਕ ਕਰਕੇ ਇਹ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ ਕਿ ਕਿਹੜੀ ਰਿਹਾਇਸ਼ ਕਿਸ ਨੂੰ ਅਲਾਟ ਹੈ ਅਤੇ ਉਸ ਦੀ ਵਰਤੋਂ ਕਿਹੜੇ ਨਿਯਮਾਂ ਤਹਿਤ ਹੋ ਰਹੀ ਹੈ। ਡਾ. ਰਜਿੰਦਰ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਸੰਪਤੀ ਕਿਸੇ ਵੀ ਵਿਅਕਤੀ ਜਾਂ ਸਿਆਸੀ ਧਿਰ ਦੀ ਨਿੱਜੀ ਸਹੂਲਤ ਲਈ ਨਹੀਂ, ਸਗੋਂ ਨਿਰਧਾਰਤ ਸਰਕਾਰੀ ਨਿਯਮਾਂ ਅਨੁਸਾਰ ਵਰਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰੀ ਰਿਹਾਇਸ਼ਾਂ ਦੀ ਵਰਤੋਂ ਨਿਯਮਾਂ ਅਨੁਸਾਰ ਹੋ ਰਹੀ ਹੈ ਤਾਂ ਸਰਕਾਰ ਨੂੰ ਸਬੰਧਤ ਦਸਤਾਵੇਜ਼ ਜਨਤਕ ਕਰਨ ਵਿੱਚ ਕੋਈ ਹਿਚਕ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਸਰਕਾਰੀ ਕੋਠੀਆਂ ਦੀ ਅਲਾਟਮੈਂਟ ਅਤੇ ਵਰਤੋਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਇਸ ਨਾਲ ਸਬੰਧਤ ਸਾਰੇ ਤੱਥ ਲੋਕਾਂ ਦੇ ਸਾਹਮਣੇ ਰੱਖੇ ਜਾਣ। ਉਨ੍ਹਾਂ ਅਨੁਸਾਰ ਇਸ ਨਾਲ ਨਾ ਸਿਰਫ਼ ਮੌਜੂਦਾ ਵਿਵਾਦ 'ਤੇ ਸਪੱਸ਼ਟਤਾ ਆਵੇਗੀ, ਸਗੋਂ ਸਰਕਾਰੀ ਸੰਪਤੀ ਦੀ ਵਰਤੋਂ ਸਬੰਧੀ ਜਵਾਬਦੇਹੀ ਵੀ ਯਕੀਨੀ ਬਣੇਗੀ। ਡਾ. ਗਿੱਲ ਨੇ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਤੋਂ ਸਰਕਾਰੀ ਪ੍ਰਬੰਧ, ਵਿਕਾਸ, ਰੋਜ਼ਗਾਰ, ਨਸ਼ਿਆਂ ਅਤੇ ਕਾਨੂੰਨ-ਵਿਵਸਥਾ ਸਮੇਤ ਵੱਖ-ਵੱਖ ਮੁੱਦਿਆਂ 'ਤੇ ਜਵਾਬਦੇਹੀ ਦੀ ਉਮੀਦ ਰੱਖਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਰੋਤਾਂ ਦੀ ਵਰਤੋਂ ਵਿੱਚ ਪਾਰਦਰਸ਼ਤਾ ਅਤੇ ਨਿਯਮਾਂ ਦੀ ਪਾਲਣਾ ਕਿਸੇ ਵੀ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੋਣੀ ਚਾਹੀਦੀ ਹੈ। ਉਨ੍ਹਾਂ ਦੁਹਰਾਇਆ ਕਿ ਸਰਕਾਰੀ ਰਿਹਾਇਸ਼ਾਂ ਨਾਲ ਜੁੜੇ ਵਿਵਾਦ ਨੂੰ ਸਿਆਸੀ ਦੋਸ਼ਾਂ ਦੀ ਬਜਾਏ ਅਧਿਕਾਰਤ ਰਿਕਾਰਡ ਦੇ ਆਧਾਰ 'ਤੇ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ ਅਤੇ ਸਰਕਾਰ ਨੂੰ ਅਲਾਟਮੈਂਟ ਅਤੇ ਵਰਤੋਂ ਨਾਲ ਸਬੰਧਤ ਦਸਤਾਵੇਜ਼ ਜਨਤਕ ਕਰਨੇ ਚਾਹੀਦੇ ਹਨ।

# ਸਿੱਖਿਆ ਜਗਤ ਨੂੰ ਸਮਰਪਿਤ ਸ਼ਖਸ਼ੀਅਤ ਡਾ. ਬਰਜਿੰਦਰਪਾਲ ਸਿੰਘ ਜੀ ਸੇਵਾ ਮੁਕਤੀ 'ਤੇ ਵਿਸ਼ੇਸ਼

*ਤੂੰ ਸ਼ਾਹੀ ਹੈ ਪਰਵਾਜ਼ ਹੈ ਕਾਮ ਤੇਰਾ,*
*ਤੇਰੇ ਸਾਹਮਣੇ ਆਸਮਾ ਔਰ ਭੀ ਹੈ।।*

ਇਲਾਮਾ ਇਕਬਾਲ ਦਾ ਇਹ ਸ਼ੇਅਰ ਹਰ ਕਿਸੇ ਦੇ ਜੀਵਨ ਦਾ ਹਿੱਸਾ ਨਹੀਂ ਬਣਦਾ ਕੁਝ ਸ਼ਖਸੀਅਤਾਂ ਅਜਿਹੀਆਂ ਵੀ ਹੁੰਦੀਆਂ ਹਨ ਜੋ ਸਿੱਖਿਆ, ਸਮਾਜ ਦੇ ਖੇਤਰ ਵਿੱਚ ਆਪਣੀ ਵੱਖਰੀ ਛਾਪ ਛੱਡ ਜਾਂਦੀਆਂ ਹਨ। ਉਨਾਂ ਦੇ ਕਾਰਜ ਸਦਾ ਲਈ ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿੱਚ ਦਰਜ ਹੋ ਜਾਂਦੇ ਹਨ, ਅਜਿਹੀ ਹੀ ਸ਼ਖਸੀਅਤ ਹਨ, ਨੈਸ਼ਨਲ ਅਵਾਰਡੀ ਡਾ. ਬਰਜਿੰਦਰਪਾਲ ਸਿੰਘ ਜੋ ਸਮਾਜ ਦੀ ਸੇਵਾ ਲਈ ਅੱਜ ਸੇਵਾ ਮੁੱਕਤੀ ਲੈ ਰਹੇ ਹਨ। ਜਿਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਜ਼ਿਲ੍ਹਾ ਸੰਗਰੂਰ, ਜ਼ਿਲ੍ਹਾ ਬਰਨਾਲਾ ਅਤੇ ਪੰਜਾਬ ਦੀਆਂ ਵੱਖ-ਵੱਖ ਸਿੱਖਿਆ ਸੁਧਾਰ ਟੀਮਾਂ ਵਿੱਚ ਲੰਬੇ ਸਮੇਂ ਤੋਂ ਕਾਰਜ ਕੀਤਾ ਹੈ।




ਸ੍ਰ ਬਰਜਿੰਦਰਪਾਲ ਸਿੰਘ ਉਪ- ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਬਰਨਾਲਾ ਦਾ ਜਨਮ ਪਿਤਾ ਗਿਆਨੀ ਮਾ. ਹਰਦੇਵ ਸਿੰਘ ਬਰਨ ਦੇ ਘਰ ਮਾਤਾ ਸ਼੍ਰੀਮਤੀ ਨਿਰੰਜਨ ਕੌਰ ਦੀ ਕੁੱਖੋਂ ਪਿੰਡ ਧਨੌਲਾ ਵਿਖੇ 7 ਸਤੰਬਰ 1968 ਨੂੰ ਹੋਇਆ। ਆਪ ਜੀ ਦੀਆਂ ਤਿੰਨ ਭੈਣਾਂ ਸ਼੍ਰੀਮਤੀ ਰਾਜਪਾਲ ਕੌਰ, ਕੁਲਦੀਪ ਕੌਰ ਅਤੇ ਰੁਪਿੰਦਰਜੀਤ ਕੌਰ ਹਨ ਤਿੰਨੋ ਸਰਕਾਰੀ ਅਹੁਦੇ 'ਤੇ ਸਨ। ਆਪ ਜੀ ਦਾ ਵਿਆਹ ਲੈਕਚਰਾਰ ਸ੍ਰੀਮਤੀ ਹਰਵਿੰਦਰ ਕੌਰ ਨਾਲ ਹੋਇਆ, ਜੋ ਬਤੌਰ ਸਕੂਲ ਇੰਚਾਰਜ ਸਸਸਸ ਕੋਟਦੁਨਾਂ ਵਿਖੇ ਸੇਵਾਵਾਂ ਨਿਭਾ ਰਹੇ ਹਨ, ਆਪ ਜੀ ਦੇ ਘਰ ਸਪੁੱਤਰ ਜੋਬਨਜੀਤ ਸਿੰਘ ਅਤੇ ਬੇਟੀ ਪ੍ਰਭਜੋਤ ਕੌਰ ਦਾ ਜਨਮ ਹੋਇਆ। ਆਪ ਜੀ ਨੇ ਬਤੌਰ ਸਾਇੰਸ ਮਾਸਟਰ ਸਰਕਾਰੀ ਸੇਵਾ ਸਰਕਾਰੀ ਹਾਈ ਸਕੂਲ ਲੜਕੇ, ਬਰਨਾਲਾ ਤੋਂ ਸ਼ੁਰੂ ਕੀਤੀ। ਪਦਉੱਨਤ ਹੋ ਕੇ ਸਸਸਸ ਲੜਕੇ, ਧਨੌਲਾ ਵਿਖੇ ਬਤੌਰ ਲੈਕਚਰਾਰ ਭੌਤਿਕ ਵਿਗਿਆਨ ਵਜੋਂ ਜੁਆਇਨ ਕੀਤਾ। ਜਿੱਥੇ ਆਪ ਜੀ ਨੇ ਵਿਸ਼ੇਸ਼ ਯਤਨਾਂ ਨਾਲ ਸਾਇੰਸ ਸਟਰੀਮ ਨੂੰ ਕੋ-ਐਡ ਕਰਵਾਇਆ। ਦਾਨੀ ਸੱਜਣਾ ਦੇ ਸਹਿਯੋਗ ਨਾਲ ਵਿਗਿਆਨ ਕੇਂਦਰ ਦੇ ਨੌ ਕਮਰਿਆਂ ਦੀ ਉਸਾਰੀ ਕਰਵਾਈ। ਆਪ ਜੀ ਦੀਆਂ ਮਾਣਮੱਤੀਆਂ ਸੇਵਾਵਾਂ ਕਾਰਨ 2011 ਵਿੱਚ ਸਟੇਟ ਅਵਾਰਡ ਅਤੇ 2015 ਵਿੱਚ ਨੈਸ਼ਨਲ ਅਵਾਰਡ ਪ੍ਰਾਪਤ ਹੋਇਆ। ਲੈਕਚਰਾਰ ਫਿਜਿਕਸ ਹੁੰਦਿਆਂ ਆਪ ਜੀ ਕੋਲ ਜਿਹੜਾ ਸਾਇੰਸ ਸੁਪਰਵਾਈਜ਼ਰ ਸੰਗਰੂਰ ਅਤੇ ਬਰਨਾਲਾ ਦਾ ਵੀ ਵਾਧੂ ਚਾਰਜ ਰਿਹਾ। ਇਸ ਸਮੇਂ ਦੌਰਾਨ ਆਪ ਜੀ ਨੇ ਵਿਦਿਆਰਥੀਆਂ ਦੀਆਂ ਪੜ੍ਹਾਈ ਗਤੀਵਿਧੀਆਂ ਵਿੱਚ ਰੋਚਕਤਾ, ਵਿਲੱਖਣਤਾ ਅਤੇ ਸਿੱਖਿਆਤਮਕ ਗੁਣ ਪੈਦਾ ਕੀਤੇ। 2016 ਵਿੱਚ ਪਦਉੱਨਤ ਕੇ ਬਤੌਰ ਪ੍ਰਿੰਸੀਪਲ ਸਸਸਸ ਰਾਜੀਆ, ਸਸਸਸ ਰਾਇਸਰ ਪੰਜਾਬ ਵਿਖੇ ਪ੍ਰਸ਼ਾਸਨਿਕ ਕੰਮ ਕੀਤਾ। ਲੰਬੇ ਸਮੇਂ ਤੋਂ ਆਪ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਬਰਨਾਲਾ ਵਿਖੇ ਹੁਣ ਤੱਕ ਅੰਤ ਤੱਕ ਸੇਵਾਵਾਂ ਨਿਭਾਉਂਦੇ ਆ ਰਹੇ ਹੋ। ਜਿੱਥੇ ਆਪ ਜੀ ਦੀਆਂ ਸੇਵਾਵਾਂ ਸਿੱਖਿਆ ਦੇ ਖੇਤਰ ਵਿੱਚ ਹਨ ਉਥੇ ਹੀ ਆਪ ਵਾਤਾਵਰਨ ਬਚਾਓ, ਪਰਾਲੀ ਪ੍ਰਬੰਧਨ, ਵੋਟਰ ਜਾਗਰੂਕਤਾ, ਚੋਣਾਂ, ਸਿਹਤ ਅਤੇ ਸਮੇਂ -ਸਮੇਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਹੋਈਆਂ ਮੁਹਿੰਮਾਂ ਦੀ ਅਗਵਾਈ ਵੀ ਸਿੱਖਿਆ ਵਿਭਾਗ ਵੱਲੋਂ ਕਰਦੇ ਆ ਰਹੇ ਹੋ। ਜਿਕਰ ਯੋਗ ਹੈ ਕਿ ਪਿਛਲੇ ਤਿੰਨ ਸਾਲਾਂ ਤੋਂ ਆਪਣੇ ਘਰ ਨਰਸਰੀ ਸਥਾਪਿਤ ਕਰਕੇ ਸੁਹੰਜਨਾ, ਸੁਖਚੈਨ, ਨਿੰਮ, ਡੇਕ ਆਦਿ ਅਨੇਕਾਂ ਹੀ ਪੌਦੇ ਲਗਾ ਕੇ ਜ਼ਿਲੇ ਦੇ ਪ੍ਰਾਇਮਰੀ, ਮਿਡਲ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਆਪਣੀ ਵਿਜ਼ਟ ਦੌਰਾਨ ਵੰਡ ਕੇ ਵਾਤਾਵਰਨ ਬਚਾਉਣ ਦਾ ਸੰਦੇਸ਼ ਦਿੰਦੇ ਆ ਰਹੇ ਹੋ, ਆਪ ਜੀ ਦੇ ਵਿਗਿਆਨਿਕ ਤਜਰਬਿਆਂ ਕਾਰਨ ਆਪ ਜੀ ਨੂੰ ਚਲਦੀ ਫਿਰਦੀ ਵਿਗਿਆਨ ਦੀ ਪ੍ਰਯੋਗਸ਼ਾਲਾ ਵੀ ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਸਿੱਖਿਆ ਦੇ ਖੇਤਰ ਵਿੱਚ ਪ੍ਰਕਾਸ਼ਨ ਦੇ ਰੂਪ ਵਿੱਚ ਆਪ ਦੀਆਂ ਕਿਤਾਬਾਂ ਵੀ ਬੱਚਿਆਂ ਨੂੰ ਪ੍ਰੇਰਨਾ ਦਿੰਦੀਆਂ ਹਨ। ਅੱਜ ਮਿਤੀ 30 ਸਤੰਬਰ 2026 ਨੂੰ ਆਪਣੀ ਲਗਭਗ 35 ਸਾਲ ਦੀ ਸ਼ਾਨਦਾਰ ਸਿੱਖਿਆ ਵਿਭਾਗ ਅੰਦਰ ਸੇਵਾ ਕਰਦੇ ਹੋਏ ਸੇਵਾ ਮੁਕਤ ਹੋ ਰਹੇ ਹੋ, ਆਪਣੀ ਪੂਰੀ ਸੇਵਾ ਦੇ ਦੌਰਾਨ ਆਪ ਨੇ ਕਦੇ ਵੀ ਕੋਈ ਮੈਡੀਕਲ ਛੁੱਟੀ ਪ੍ਰਾਪਤ ਨਹੀਂ ਕੀਤੀ ਅਤੇ ਨਾਲ ਹੀ ਅਚਨਚੇਤ ਛੁੱਟੀਆਂ ਵੀ ਬਹੁਤ ਘੱਟ ਪ੍ਰਾਪਤ ਕੀਤੀਆਂ ਹਨ। ਸਿੱਖਿਆ ਵਿਭਾਗ ਨੂੰ ਸਮਰਪਿਤ ਕਾਰਜਾਂ ਲਈ ਸਦਾ ਕੰਮ ਕਰਦੇ ਰਹੇ ਹੋ। ਆਪ ਜੀ ਦੇ ਪੜ੍ਹਾਏ ਹੋਏ ਵਿਦਿਆਰਥੀ ਅੱਜ ਵੱਖ-ਵੱਖ ਪ੍ਰਾਈਵੇਟ ਅਤੇ ਸਰਕਾਰੀ ਅਦਾਰਿਆਂ ਵਿੱਚ ਸਮਾਜ ਦੀ ਸੇਵਾ ਕਰ ਰਹੇ ਹਨ। ਅਸੀਂ ਸੇਵਾ ਮੁਕਤੀ ਤੋਂ ਬਾਅਦ ਸਮਾਜ ਲਈ ਆਪ ਜੀ ਦੇ ਕਾਰਜਾਂ ਦੀ ਸੁਗੰਧ ਨੂੰ ਮਾਣਦੇ ਰਹਾਂਗੇ। ਵਾਹਿਗੁਰੂ ਅੱਗੇ ਕਾਮਨਾ ਕਰਦੇ ਹਾਂ ਕਿ ਆਪ ਨੂੰ ਤੰਦਰੁਸਤੀ ਅਤੇ ਬਲ ਬਖਸ਼ੇ ਤਾਂ ਜੋ ਆਪ ਸਮਾਜ ਸੇਵਾ ਦਾ ਕਾਰਜ ਨਿਰੰਤਰ ਕਰਦੇ ਰਹੋ।

*ਨਿੰਮਲ ਅਰਸ਼ ਸਤਰੰਗੀ ਦਾ ਭਾਗ ਹੋਵੇ,*
*ਸ਼ੁਭ ਹਸਰਤਾਂ ਨੂੰ ਸਦਾ ਨਸੀਬ ਹੋਵੇ ।*
*ਸਭ ਰੰਗਾਂ ਚੋਂ ਤੇਰਾ ਹੀ ਰੰਗ ਦਿਸੇ ,*
*ਦੂਰ ਹੋ ਕੇ ਵੀ ਸਦਾ ਕਰੀਬ ਹੋਵੇ।।*

ਜੈ ਹਿੰਦ।।

**ਅਵਨੀਸ਼ ਲੌਗੋਂਵਾਲ ਸਟੇਟ ਅਵਾਰਡੀ ਪੰਜਾਬ**
**ਜ਼ਿਲ੍ਹਾ ਬਰਨਾਲਾ 7888346465**